ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

सोमवार, 3 जुन 2024 (नानकशाही संमत : ५५६, २१ जेठ) संपादक : रघवीर सिंघ वालसाल यु. के., संपरक : +447458381111,+447976210161,+919729091243



ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਸਬੰਧੀ

## ਸਮਾਗਮ ਦੌਰਾਨ ਸੰਗਤਾਂ ਦਾ ਵਿਸ਼ਾਲ ਇਕੱਠ, ਪਿੰਡ ਰੋਡੇ ਨੇ ਫਿਰ ਵਿਖਾਈ ਵਿਸ਼ਵ ਨੂੰ ਆਪਣੀ ਪੰਥਕ ਸ਼ਕਤੀ

### ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੌਰਾਨ ਬੁਲਾਰਿਆਂ ਵੱਲੋਂ ਸਿੱਖ ਸਿਧਾਂਤਾਂ ਵਾਲੇ ਰਾਜਸੀ ਬਦਲ ਵਾਸਤੇ ਸਰਗਰਮ ਹੋਣ 'ਤੇ ਜ਼ੋਰ

### ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਲਾਮਬੰਦ ਹੋਣ ਦੀ ਕੀਤੀ ਪੇਸ਼ਕਸ਼



ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੌਰਾਨ ਬੁਲਾਰਿਆਂ ਵੱਲੋਂ

# ਸਿੱਖ ਸਿਧਾਂਤਾਂ ਵਾਲੇ ਰਾਜਸੀ ਬਦਲ ਵਾਸਤੇ ਸਰਗਰਮ ਹੋਣ 'ਤੇ ਜ਼ੋਰ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਲਾਮਬੰਦ ਹੋਣ ਦੀ ਕੀਤੀ ਪੇਸ਼ਕਸ਼













**ਸਮਾਲਸਰ/ਬਾਘਾਪੁਰਾਣਾ/ਫ਼ਿਰੋਜ਼ਪੁਰ • ਆਵਾਜ਼ਿ ਕੌਮ ਬਿਊਰੋ**

ਦਮਦਮੀ ਟਕਸਾਲ ਦੇ 14ਵੇਂ ਮੁਖੀ ਅਤੇ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਅੱਜ ਪਿੰਡ ਰੋਡੇ ਵਿਖੇ ਮਨਾਏ ਗਏ ਜਨਮ ਦਿਹਾੜੇ ਦੌਰਾਨ ਸਮੂਹ ਪੰਥਕ ਸ਼ਖਸੀਅਤਾਂ ਦੀ ਹਾਜ਼ਰੀ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਭਾਈ ਜਸਵੀਰ ਸਿੰਘ ਰੋਡੇ ਨੇ ਉਸ ਸਿੱਖ ਸੰਘਰਸ਼ ਨੂੰ ਮੁੜ ਲੋਕਤੰਤਰੀ ਰਾਹਾਂ 'ਤੇ ਸਰਗਰਮ ਕਰਨ ਦੀ ਅਪੀਲ ਕੀਤੀ, ਜਿਸ ਸੰਘਰਸ਼ ਨੂੰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਪੰਜਾਬ ਅਤੇ ਸਿੱਖ ਪੰਥ ਦੀ ਖੁਸ਼ਹਾਲੀ ਲਈ ਆਰੰਭਿਆ ਸੀ। ਉਨ੍ਹਾਂ ਨੇ ਦੇਸ਼-ਵਿਦੇਸ਼ ਦੀਆਂ ਸਮੂਹ ਸਿੱਖ ਜਥੇਬੰਦੀਆਂ, ਪੰਥ ਅਤੇ ਪੰਜਾਬ ਹਮਾਇਤੀ ਮਨੁੱਖੀ ਅਧਿਕਾਰ ਸੰਗਠਨਾਂ, ਟਕਸਾਲਾਂ, ਸੰਪਰਦਾਵਾਂ, ਨਿਹੰਗ ਸਿੰਘ ਜਥੇਬੰਦੀਆਂ ਆਦਿ ਦੇ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਅਜਿਹੇ ਸਿਆਸੀ ਬਦਲ ਨੂੰ ਮਜ਼ਬੂਤ ਕਰਨ ਦੀ ਲੋੜ ਹੈ, ਜੋ ਸਿੱਖ ਰਾਜ ਦੇ ਸੰਕਲਪ ਨੂੰ ਵੀ ਸਾਕਾਰ ਕਰ ਸਕੇ ਅਤੇ ਗੁਰੂ ਸਾਹਿਬਾਨ ਵੱਲੋਂ ਮਨੁੱਖਤਾ ਦੀ ਸੇਵਾ ਲਈ ਨਿਰਧਾਰਤ ਕੀਤੇ ਸਿਧਾਂਤਾਂ ਨੂੰ ਵੀ ਲਾਗੂ ਕਰ ਸਕੇ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਅਨੇਕਾਂ ਵਾਰ ਰਾਜ ਕਰਨ ਦੇ ਮੌਕੇ ਪੰਜਾਬ ਵਾਸੀਆਂ ਨੇ ਦਿੱਤੇ, ਪਰ ਦੁੱਖ ਦੀ ਗੱਲ ਇਹ ਰਹੀ ਕਿ ਰਾਜ ਕਰਨ ਵਾਲੇ ਸਿੱਖੀ ਸਿਧਾਂਤਾਂ ਉੱਪਰ ਪੂਰੇ ਨਹੀਂ ਉਤਰ ਸਕੇ। ਇਸੇ ਲਈ ਪੰਜਾਬ ਵਿੱਚ ਸਿੱਖ ਪੰਥ ਖੁਆਰੀ ਦਾ ਸਾਹਮਣਾ ਕਰ ਰਿਹਾ ਹੈ। ਇਸ ਮੌਕੇ ਹੋਰ ਬੁਲਾਰਿਆਂ ਨੇ ਵੀ ਸਿੰਘ ਸਾਹਿਬ ਵੱਲੋਂ ਪੰਜਾਬ ਵਿੱਚ ਗੁਰੂ ਸਾਹਿਬਾਨ ਵੱਲੋਂ ਨਿਰਧਾਰਤ ਕੀਤੇ ਸਿਧਾਂਤਾਂ ਆਧਾਰਤ ਰਾਜਨੀਤੀ ਅਤੇ ਸੱਤਾ ਹਾਸਲ ਕਰਨ ਦੇ ਪੇਸ਼ ਕੀਤੇ ਮਾਡਲ ਨੂੰ ਸਾਕਾਰ ਕਰਨ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਅੱਜ ਦੇ ਇਸ ਜਨਮ ਦਿਨ ਸਮਾਗਮ ਸਬੰਧੀ ਸਭ ਤੋਂ ਪਹਿਲਾਂ ਗੁਰਦੁਆਰਾ ਸੰਤ ਖਾਲਸਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਪਿੰਡ ਰੋਡੇ ਦੀ ਦਾਣਾ ਮੰਡੀ ਵਿਖੇ ਵਿਸ਼ਾਲ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਠਾਠਾਂ ਮਾਰਦਾ ਇਕੱਠ ਯਾਦਗਾਰੀ ਹੋ ਨਿਬੜਿਆ। ਇਸ ਸਮਾਗਮ ਵਿੱਚ ਸਭ ਤੋਂ ਪਹਿਲਾਂ ਭਾਈ ਗੁਰਿੰਦਰ ਸਿੰਘ ਕੀਰਤਨੀ ਜੱਥਾ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ, ਭਾਈ ਸਾਹਿਬ ਭਾਈ ਮੱਖਣ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ, ਉਪਰੰਤ ਗਿਆਨੀ ਕੇਵਲ ਸਿੰਘ ਮਹਿਤਾ ਦੇ ਪੰਥਕ ਕਵੀਸ਼ਰੀ ਜਥੇ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਦੇ ਬੀਰਰਸ ਵਾਲੇ ਕਾਂਡ ਸੁਣਾ ਕੇ ਜੋਸ਼ ਵਿੱਚ ਲਿਆਂਦਾ। ਅੱਜ ਦੇ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸਤਿਕਾਰਯੋਗ ਬਾਬਾ ਸਰਬਜੋਤ ਸਿੰਘ ਬੇਦੀ, ਅੰਸ਼ ਬੰਸ ਸ੍ਰੀ ਗੁਰੂ ਨਾਨਕ ਦੇਵ ਜੀ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ, ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਅਕਾਲੀ ਬੁੱਢਾ ਦਲ, ਭਾਈ ਈਸ਼ਰ ਸਿੰਘ ਸਪੁੱਤਰ ਸੰਤ ਗਿ. ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੌਰਾਨ ਬੁਲਾਰਿਆਂ ਵੱਲੋਂ

# ਸਿੱਖ ਸਿਧਾਂਤਾਂ ਵਾਲੇ ਰਾਜਸੀ ਬਦਲ ਵਾਸਤੇ ਸਰਗਰਮ ਹੋਣ 'ਤੇ ਜ਼ੋਰ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਲਾਮਬੰਦ ਹੋਣ ਦੀ ਕੀਤੀ ਪੇਸ਼ਕਸ਼











ਚੇਅਰਮੈਨ ਧਰਮ ਪ੍ਰਚਾਰ ਪ੍ਰਬੰਧਕ ਕਮੇਟੀ ਹਰਿਆਣਾ, ਭਾਈ ਸਰਬਜੀਤ ਸਿੰਘ ਖਾਲਸਾ ਸਪੁੱਤਰ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਆਜ਼ਾਦ ਉਮੀਦਵਾਰ ਲੋਕ ਸਭਾ ਹਲਕਾ ਫਰੀਦਕੋਟ, ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਬੰਗਲਾ ਸਾਹਿਬ ਦਿੱਲੀ, ਸਿੰਘ ਸਾਹਿਬ ਜਥੇਦਾਰ ਬਾਬਾ ਅਵਤਾਰ ਸਿੰਘ (ਸੁਰ ਸਿੰਘ ਵਾਲੇ) ਸੰਪਰਦਾਇ ਦਲ ਪੰਥ ਬਾਬਾ ਬਿਧੀ ਚੰਦ, ਸੰਤ ਬਾਬਾ ਨਰਿੰਦਰ ਸਿੰਘ ਜੀ ਲੰਗਰ ਸੇਵਾ ਹਜੂਰ ਸਾਹਿਬ ਵਾਲੇ, ਸੰਤ ਬਾਬਾ ਸੁਰਜੀਤ ਸਿੰਘ (ਸੋਂਧੀ) ਦਮਦਮੀ ਟਕਸਾਲ ਵਾਲੇ, ਕੈਪਟਨ ਹਰਚਰਨ ਸਿੰਘ ਰੋਡੇ, ਸਰਪੰਚ ਹਰਜੀਤ ਸਿੰਘ (ਭਰਾਤਾ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ), ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਸੰਤ ਬਾਬਾ ਗੁਰਪ੍ਰੀਤ ਸਿੰਘ

ਖੋਸਾ ਕੋਟਲਾ ਵਾਲੇ, ਸੰਤ ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲੇ ਵਾਲੇ ਵੱਲੋਂ ਬਾਬਾ ਭਿੰਦਾ, ਜਥੇਦਾਰ ਬਾਬਾ ਸਰਵਣ ਸਿੰਘ ਰਸਾਲਦਾਰ ਬੁੱਢਾ ਦਲ, ਬਾਬਾ ਖੁਸ਼ਵੰਤ ਸਿੰਘ, ਬਾਬਾ ਰਾਜੂ ਇਸ਼ਨਾਨ ਸੇਵਾ ਵਾਲੇ, ਬਾਬਾ ਹਰਭਜਨ ਸਿੰਘ ਅਲਾਚੌਰ ਵਾਲੇ, ਜੋਗਾ ਸਿੰਘ ਚੂਹੜਪੁਰ, ਬਾਬਾ ਅਮਰੀਕ ਸਿੰਘ ਪੂਨੀਆ, ਜਥੇਦਾਰ ਦਰਸ਼ਨ ਸਿੰਘ ਮੰਡ, ਸ਼੍ਰੋਮਣੀ ਕਮੇਟੀ ਮੈਂਬਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਬਾਬਾ ਬਲਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ, ਬਾਬਾ ਜਸਵਿੰਦਰ ਸਿੰਘ ਰਾਜੇਆਣਾ, ਭਾਈ ਗੁਰਮੇਲ ਸਿੰਘ ਹਕੂਮਤ ਸਿੰਘ ਵਾਲੇ, ਖਾਲਸਾ ਗੱਤਕਾ ਫੈਡਰੇਸ਼ਨ ਵੱਲੋਂ ਜਥੇ. ਸੁਪ੍ਰੀਤ ਸਿੰਘ, ਗਤਕਾ ਅਖਾੜਿਆਂ ਦੇ ਜਥੇਦਾਰ ਸਿੰਘਾਂ ਸਮੇਤ, ਸੰਤ ਬਾਬਾ ਚਮਕੌਰ ਸਿੰਘ ਭਦੌੜ ਵਾਲੇ, ਸੰਤ ਬਾਬਾ ਭੋਲਾ ਸਿੰਘ ਘੁਰਕਣੀ, ਸੰਤ ਬਾਬਾ ਦਰਸ਼ਨ ਸਿੰਘ ਮਾਲੋਕਾ ਫੱਤਾ, ਗਿਆਨੀ ਸਤਨਾਮ ਜਨੇਰ ਵਾਲੇ, ਬਾਬਾ ਹਾਕਮ ਸਿੰਘ ਗਹਿਲ ਵਾਲੇ, ਗਿ. ਕਰਮਜੀਤ ਸਿੰਘ ਦੁਨੇਕੇ, ਸੰਤ ਬਾਬਾ ਗੁਰਮੀਤ ਸਿੰਘ ਕੱਟੂ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਰੋਡੇ ਠਾਠ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ ਵਾਲੇ, ਸੰਤ ਬਾਬਾ ਗੁਰਦਿਆਲ ਸਿੰਘ ਲੰਗੇਆਣਾ, ਸੰਤ ਬਾਬਾ ਚਮਕੌਰ ਸਿੰਘ ਗੱਜਣਵਾਲ ਵਾਲੇ, ਗਿ. ਬਲਵਿੰਦਰ ਸਿੰਘ ਜਾਮਨੀ ਸਾਹਿਬ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਫਤਹਿ , ਸੰਤ ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ, ਮਿੱਠੂ ਸਿੰਘ ਬਹਾਦਰ ਤੋਂ ਸੰਗਤ, ਗਿ. ਗੁਰਪ੍ਰੀਤ ਸਿੰਘ ਭਦੌੜ ਵਾਲੇ, ਬਾਬਾ ਬਲਕਾਰ ਸਿੰਘ ਘੋਲੀਆਂ, ਜਥੇਦਾਰ ਗੁਰਦੀਪ ਸਿੰਘ ਬਠਿੰਡਾ, ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ, ਭਾਈ ਮੁਖਤਿਆਰ ਸਿੰਘ ਮੁਖੀ ਅਮਰੀਕਾ ਤੋਂ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਸਤਨਾਮ ਸਿੰਘ ਵੱਲੀਆਂ ਮੁਖੀ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਅਰਸ਼ਦੀਪ ਸਿੰਘ ਸਮਰਾ ਮੁੱਖ ਸੰਪਾਦਕ 'ਅੱਜ ਦੀ ਆਵਾਜ਼' ਜਥੇਦਾਰ ਕ੍ਰਿਪਾ ਸਿੰਘ ਨੱਥੂਵਾਲਾ, ਪ੍ਰਧਾਨ ਕਿਸਾਨ ਵਿੰਗ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਪਰਮਿੰਦਰ ਸਿੰਘ ਕੁਲਾਰ ਪ੍ਰਧਾਨ ਬਠਿੰਡਾ, ਸੰਤ ਬਾਬਾ ਗੁਰਪ੍ਰੀਤ ਸਿੰਘ ਭਦੌੜ ਵਾਲੇ, ਸੰਤ ਬਾਬਾ ਚਮਕੌਰ ਸਿੰਘ ਜੀ ਭਦੌੜ ਵਾਲੇ, ਭਾਈ ਜਸਵੀਰ ਸਿੰਘ ਭੱਠਲ ਪ੍ਰਧਾਨ ਸ਼ੇਰੇ ਪੰਜਾਬ ਕਿਸਾਨ ਯੂਨੀਅਨ, ਜਥੇ. ਬਖਸ਼ੀਸ਼ ਸਿੰਘ ਫੌਜੀ ਫਤਹਿਪੁਰ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੌਰਾਨ ਬੁਲਾਰਿਆਂ ਵੱਲੋਂ

# ਸਿੱਖ ਸਿਧਾਂਤਾਂ ਵਾਲੇ ਰਾਜਸੀ ਬਦਲ ਵਾਸਤੇ ਸਰਗਰਮ ਹੋਣ 'ਤੇ ਜ਼ੋਰ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਲਾਮਬੰਦ ਹੋਣ ਦੀ ਕੀਤੀ ਪੇਸ਼ਕਸ਼











ਵਾਲੇ, ਸ. ਬਲਵਿੰਦਰ ਸਿੰਘ ਲੋਕ ਲਹਿਰ ਵਾਲੇ, ਗਿ. ਜਸਪਾਲ ਬੀਰ ਸਿੰਘ ਕਥਾਵਾਚਕ ਮੰਜੀ ਸਾਹਿਬ, ਸੰਤ ਬਾਬਾ ਚਮਕੌਰ ਸਿੰਘ ਪੰਜ ਗਰਾਈਆਂ ਵਾਲੇ, ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਮੁਖੀ ਨਿਰਮਲ ਸੰਪਰਦਾਇ, ਪ੍ਰੋਫੈਸਰ ਜਸਪਾਲ ਸਿੰਘ ਕੋਟਕਪੂਰਾ, ਗਿ. ਸੁਖਜਿੰਦਰ ਸਿੰਘ ਫਰੀਦਕੋਟ, ਸੰਤ ਬਾਬਾ ਹਰਚਰਨ ਸਿੰਘ ਰਮਦਾਸਪੁਰ ਵਾਲੇ, ਸੰਤ ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ, ਸੰਤ ਬਾਬਾ ਹਰਵਿੰਦਰ ਸਿੰਘ ਰੌਲੀ ਵਾਲੇ, ਭਾਈ ਤਰਸੇਮ ਸਿੰਘ ਪਿਤਾ ਭਾਈ ਅੰਮ੍ਰਿਤਪਾਲ ਸਿੰਘ ਡਿੱਬੂਰਗੜ੍ਹ ਜੇਲ੍ਹ, ਭਾਈ ਪਰਮਜੀਤ ਸਿੰਘ ਸਹੋਲੀ ਪ੍ਰਧਾਨ ਸੁਤੰਤਰ ਅਕਾਲੀ ਦਲ, ਤਲਵਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ ਅਗਵਾਨ, ਭਤੀਜੇ ਅਮਰ ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਕੰਵਰਪਾਲ ਸਿੰਘ ਬਿੱਟੂ ਦਲ ਖਾਲਸਾ, ਨਛੱਤਰ ਸਿੰਘ ਦਬੜੀਖਾਨਾ, ਬਾਬਾ ਹਰਜਿੰਦਰ ਸਿੰਘ ਖਾਲਸਾ ਫਾਰਮ ਭਿੱਖੀ ਵਾਲੇ ਸੰਗਤਾਂ ਸਮੇਤ, ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ ਬਟਾਲੇ ਤੋਂ ਸੰਗਤਾਂ ਸਮੇਤ, ਬਾਬਾ ਬਲਵੀਰ ਸਿੰਘ ਜਰਮਨ ਵਾਲੇ, ਸੰਤ ਬਾਬਾ ਸੁਖਵਿੰਦਰ ਸਿੰਘ, ਸੰਤ ਬਾਬਾ ਸਰਵਣ ਸਿੰਘ ਮਲਕਪੁਰ ਵਾਲੇ, ਸੰਤ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਵਾਲੇ, ਸੰਤ ਬਾਬਾ ਸੁੱਚਾ ਸਿੰਘ ਜੀ ਨਾਨਕਸਰ ਛਾਂਗਾ ਫਿਰੋਜਪੁਰ, ਭਾਈ ਕਵਰਪਾਲ ਸਿੰਘ ਔਜਲਾ ਗੜ੍ਹਸ਼ੰਕਰ, ਸੰਤ ਬਾਬਾ ਮਨਮੋਹਣ ਸਿੰਘ ਬਾਰਨ ਵਾਲੇ ਪਟਿਆਲਾ, ਗਿਆਨੀ ਹਰਜੀਤ ਸਿੰਘ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਹਰਪਾਲ ਸਿੰਘ, ਸਰਪੰਚ ਸਿਕੰਦਰ ਸਿੰਘ ਬਰਾਣਾ ਮੁਖ ਬੁਲਾਰੇ ਕਾਰ ਸੇਵਾ ਸੰਪਰਦਾਇ ਸਰਹਾਲੀ ਸਾਹਿਬ, ਜ਼ੀਰਾ ਹਲਕੇ ਤੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਟੀਮ, ਜਥੇ. ਰਣਧੀਰ ਸਿੰਘ ਸੰਗਰੂਰ ਕਿਲ੍ਹਾ ਹਕੀਮਾਂ, ਭਾਈ ਹਰਕ੍ਰਿਸ਼ਨ ਸਿੰਘ ਜਗਰਾਵਾਂ, ਮਹੰਤ ਬਲਜਿੰਦਰ ਸਿੰਘ ਕਾਉਂਕੇ ਵਾਲੇ, ਭਾਈ ਅਮੋਲਕ ਸਿੰਘ ਅਖਾੜਾ, ਮਹੰਤ ਬਿਕਰਮਜੀਤ ਸਿੰਘ ਚੀਮਾ, ਬਾਈ ਸੁਖਪਾਲ ਸਿੰਘ ਬਾਸਰਕੇ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ ਦੇ ਮੁਖੀ, ਬਾਬਾ ਜਸਵੰਤ ਸਿੰਘ ਸੋਢੀ, ਜਥੇ. ਬੂਟਾ ਸਿੰਘ ਰਣਸੀਂਹ ਕਲਾਂ, ਬਾਬਾ ਸੱਜਣ ਸਿੰਘ ਜੀ ਵਾੜਾਸ਼ੇਰ ਸਿੰਘ ਮੁਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਭਾਈ ਜੁਗਰਾਜ ਸਿੰਘ ਵਾਂਅ ਵਾਲੇ, ਭਾਈ ਗੁਰਸੇਵਕ ਸਿੰਘ ਫੌਜੀ, ਜਸਵਿੰਦਰ ਸਿੰਘ ਸਾਹੋਕੇ, ਬਾਬਾ ਹਰਮੇਲ ਸਿੰਘ ਸਰਦੂਲੇ ਵਾਲੇ, ਭਾਈ ਜਿੰਦਰ ਸਿੰਘ ਸਪੁੱਤਰ ਸ਼ਹੀਦ ਭਾਈ ਰੇਸ਼ਮ ਸਿੰਘ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਸਵਾਮੀ ਬਾਬਾ ਹਰਨਾਮ ਸਿੰਘ ਮਾਹਲਪੁਰ ਵਾਲੇ, ਜਥੇਦਾਰ ਦਲੀਪ ਸਿੰਘ ਚਕਰ, ਸੰਤ ਬਾਬਾ ਗੁਰਮੀਤ ਸਿੰਘ ਫਿਰੋਜ਼ਪੁਰ, ਬਾਬਾ ਭਗਵਾਨ ਸਿੰਘ ਬਾਸਰਕੇ, ਜਥੇਦਾਰ ਜੋਗਿੰਦਰ ਸਿੰਘ ਫਿਰੋਜਪੁਰ, ਭਾਈ ਦਮਨਦੀਪ ਸਿੰਘ (ਭਰਾਤਾ ਭਾਈ ਅਵਤਾਰ ਸਿੰਘ ਭਿਓਰਾ), ਆਦਿ ਸਮੇਤ ਹੋਰ ਅਨੇਕਾਂ ਪੰਥਕ ਸ਼ਖਸੀਅਤਾਂ, ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਜਥੇਦਾਰ ਸਵਰਨਜੀਤ ਸਿੰਘ ਮਿਸਲ ਤਰਨਾ ਦਲ ਸ਼ਹੀਦਾਂ ਦੋਆਬਾ ਨੇ ਨਿਭਾਈ। ਸਮਾਗਮ ਦੌਰਾਨ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਆਈਆਂ ਸਾਰੀਆਂ ਪਤਵੰਤੀਆਂ ਸ਼ਖਸੀਅਤਾਂ, ਇਸ ਸਮਾਗਮ ਨੂੰ ਸਫਲ ਬਣਾਉਣ ਵਾਲੀਆਂ ਸ਼ਖਸੀਅਤਾਂ ਦਾ ਵੀ ਸਨਮਾਨ ਕੀਤਾ। ਇਸ ਮੌਕੇ ਸੰਗਤਾਂ ਲਈ ਭਾਂਤ-ਸੁਭਾਂਤ ਦੇ ਲੰਗਰ, ਛਬੀਲਾਂ ਆਦਿ ਲਗਾਈਆਂ ਗਈਆਂ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 3 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

### ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ

# ਜਨਮਦਿਨ ਸਮਾਗਮ ਯਾਦਗਾਰੀ ਹੋ ਨਿਬੜਿਆ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਆਈਆਂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ



















20ਵੀਂ ਸਦੀ ਦੇ ਮਹਾਨ ਸਿੱਖ ਮਰਦ ਏ ਮੁਜ਼ਾਹਿਦ ਬਾਬਾ ਏ ਕੌਮ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਜਨਮ ਦਿਹਾੜੇ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਪਿੰਡ ਰੋਡੇ ਅਨਾਜ ਮੰਡੀ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਵਲੋਂ ਕੀਤਾ ਗਿਆ ਜਿਸ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਜਨਰਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ,ਸਿੰਘ ਸਾਹਿਬ ਜਥੇਦਾਰ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ,ਸਿੰਘ ਸਾਹਿਬ ਭਾਈ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾਂ ਸਾਹਿਬ,ਗਿਆਨੀ ਰਣਜੀਤ ਸਿੰਘ ਮੁੱਖ ਗ੍ਰੰਥੀ ਬੰਗਲਾ ਸਾਹਿਬ ਦਿੱਲੀ,ਸੰਤਾਂ ਦੇ ਸਪੁੱਤਰ ਭਾਈ ਈਸਰ ਸਿੰਘ,ਸੰਤ ਮਨਮੋਹਨ ਸਿੰਘ ਬਾਰਨ ਵਾਲੇ,ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸੰਤ ਸੁਰਜੀਤ ਸਿੰਘ ਸੋਧੀ ਦਮਦਮੀ ਟਕਸਾਲ,ਸੰਤ ਸੁਖਵਿੰਦਰ ਸਿੰਘ ਮਲਕਪੁਰ ਵਾਲੇ,ਜਥੇਦਾਰ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੁਆਬਾ,ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ,ਸੰਤ ਜਤਿੰਦਰ ਸਿੰਘ ਗੋਬਿੰਦਬਾਗ,ਸੰਤ ਸੱਜਣ ਸਿੰਘ ਵਾੜਾ ਸ਼ੇਰ ਸਿੰਘ,ਸੰਤ ਰਣਜੀਤ ਸਿੰਘ ਲੰਘੇਆਣਾ,ਬਾਬਾ ਪ੍ਰਦੀਪ ਸਿੰਘ ਆਗੂ ਪੰਥਕ ਸੇਵਾ ਲਹਿਰ ਦਾਦੂਵਾਲ,ਬਾਬਾ ਜੀਵਨ ਸਿੰਘ ਚੁਨਾਗਰਾ,ਸ਼ਿੰਦਰਪਾਲ ਸਿੰਘ ਬਰਾੜ ਫਾਰਮਰ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ ਭਾਈ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ ਅਗਵਾਨ,ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਬਾਪੂ ਤਰਸੇਮ ਸਿੰਘ ਪਿਤਾ ਭਾਈ ਅੰਮ੍ਰਿਤਪਾਲ ਸਿੰਘ,ਭਾਈ ਸਰਬਜੀਤ ਸਿੰਘ ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ,ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ,ਭਾਈ ਪਰਮਜੀਤ ਸਿੰਘ ਸਹੌਲੀ ਪ੍ਰਧਾਨ ਸਤੰਤਰ ਅਕਾਲੀ ਦਲ,ਭਾਈ ਕੰਵਰਪਾਲ ਸਿੰਘ ਬਿੱਟੂ ਦਲ ਖਾਲਸਾ,ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਤਹਿ,ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਸੰਗਤਾਂ ਨੂੰ ਸੰਬੋਧਨ ਕੀਤਾ ਅਨੇਕਾ ਹੋਰ ਸੰਤ ਮਹਾਤਮਾਂ ਪੰਥਕ ਆਗੂਆਂ ਸਮੇਤ ਹਜ਼ਾਰਾਂ ਸਿੱਖ ਸੰਗਤਾਂ ਨੇ ਸਮਾਗਮ ਵਿੱਚ ਹਾਜ਼ਰੀ ਭਰੀ, ਜਥੇਦਾਰ ਰੋਡੇ ਸਾਹਿਬ ਵੱਲੋਂ ਆਈਆਂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਸਾਰਾ ਸਮਾਗਮ ਯਾਦਗਾਰੀ ਹੋ ਨਿਬੜਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ

# ਜਨਮਦਿਨ ਸਮਾਗਮ ਯਾਦਗਾਰੀ ਹੋ ਨਿਬੜਿਆ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਆਈਆਂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ

# ਜਨਮਦਿਨ ਸਮਾਗਮ ਯਾਦਗਾਰੀ ਹੋ ਨਿਬੜਿਆ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਆਈਆਂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 3 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੈਰਿਸ ਤੋਂ ਆਉਣ ਵਾਲੇ 'ਵਿਸਤਾਰਾ' ਜਹਾਜ਼ ਨੂੰ ਮਿਲੀ ਬੰਬ ਦੀ ਧਮਕੀ, ਐਮਰਜੈਂਸੀ ਅਲਰਟ ਜਾਰੀ




**ਮੁੰਬਈ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਪੈਰਿਸ ਤੋਂ ਆਉਣ ਵਾਲੀ ਵਿਸਤਾਰਾ ਫਲਾਈਟ ਨੂੰ ਬੰਬ ਦੀ ਧਮਕੀ ਮਿਲੀ ਅਤੇ ਐਮਰਜੈਂਸੀ ਅਲਰਟ ਦੇ ਵਿਚਕਾਰ ਮੁੰਬਈ ਹਵਾਈ ਅੱਡੇ 'ਤੇ ਉਤਰਿਆ। ਇੱਕ ਸੂਤਰ ਨੇ ਦੱਸਿਆ ਕਿ ਪੈਰਿਸ ਤੋਂ 306 ਲੋਕਾਂ ਨੂੰ ਲੈ ਕੇ ਮੁੰਬਈ ਜਾ ਰਹੀ ਵਿਸਤਾਰਾ ਫਲਾਈਟ ਨੂੰ ਬੰਬ ਦੀ ਧਮਕੀ ਮਿਲੀ ਸੀ, ਜਿਸ ਤੋਂ ਬਾਅਦ ਇਸ ਦੇ ਉਤਰਨ ਤੋਂ ਪਹਿਲਾਂ ਸ਼ਹਿਰ ਦੇ ਹਵਾਈ ਅੱਡੇ 'ਤੇ ਪੂਰੀ ਐਮਰਜੈਂਸੀ ਘੋਸ਼ਿਤ ਕਰ ਦਿੱਤੀ ਗਈ ਸੀ।ਐਤਵਾਰ ਨੂੰ ਸਵੇਰੇ 10:19 ਵਜੇ ਉਡਾਣ ਉਤਰੀ, ਵਿਸਤਾਰਾ ਨੇ ਕਿਹਾ ਕਿ ਪੈਰਿਸ ਦੇ ਚਾਰਲਸ ਡੀ ਗੌਲ ਹਵਾਈ ਅੱਡੇ ਤੋਂ ਮੁੰਬਈ ਜਾਣ ਵਾਲੀ ਫਲਾਈਟ ਯੂਕੇ 024 'ਤੇ ਇੱਕ ਏਅਰ ਸਿਕਨੈੱਸ ਬੈਗ 'ਤੇ ਹੱਥ ਨਾਲ ਲਿਖਿਆ ਇਕ ਨੋਟ ਮਿਲਿਆ ਜਿਸ ਉੱਤੇ ਬੰਬ ਦੀ ਧਮਕੀ ਦਿੱਤੀ ਗਈ ਸੀ। ਇਸ ਤੋਂ ਬਾਅਦ, ਸਵੇਰੇ 10:08 'ਤੇ ਪੂਰੀ ਐਮਰਜੈਂਸੀ ਘੋਸ਼ਿਤ ਕੀਤੀ ਗਈ ਸੀ। ਫਲਾਈਟ ਸਵੇਰੇ 10:19 'ਤੇ ਉਤਰੀ। ਸੂਤਰ ਨੇ ਦੱਸਿਆ, "ਪੈਰਿਸ-ਮੁੰਬਈ ਫਲਾਈਟ 'ਚ 294 ਯਾਤਰੀ ਅਤੇ 12 ਚਾਲਕ ਦਲ ਦੇ ਮੈਂਬਰ ਸਵਾਰ ਸਨ।

## ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ

# ਜੂਨ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ

**ਚੌਕ ਮਹਿਤਾ, 1 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਸਾਕਾ ਨੀਲਾ ਤਾਰਾ (ਤੀਸਰਾ ਘਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ 'ਚ ਮਨਾਏ ਜਾ ਰਹੇ ਜੂਨ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ ਹੋ ਚੁੱਕੀ ਹੈ, ਜਿਸ ਦੌਰਾਨ ਅੱਜ ਇੱਥੇ ਟਕਸਾਲ ਦੇ ਕੇਂਦਰੀ ਅਸਥਾਨ ਗੁ. ਗੁਰਦਰਸ਼ਨ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਕਾਸ਼ ਮਹਿਤਾ ਵਿਖੇ ਸ਼ਹੀਦੀ ਹਫਤੇ ਦੇ ਪਹਿਲੇ ਦਿਨ ਦੇ ਦੀਵਾਨ ਸਜਾਏ ਗਏ। ਇਸ ਵਾਰ ਦੇ ਇਹ ਸਮਾਗਮ ਤੀਸਰੇ ਘੱਲੂਘਾਰੇ ਦੇ 40ਵੀਂ ਵਰ੍ਹੇਗੰਢ ਨੂੰ ਸਮਰਪਿਤ ਹੋਣਗੇ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ 'ਚ ਸਜੇ ਅੱਜ ਸ਼ਾਮ ਦੇ ਦੀਵਾਨ ਦੀ ਸ਼ੁਰੂਆਤ ਰਸਮਈ ਸ਼ਬਦ ਕੀਰਤਨ ਰਾਹੀਂ ਕੀਤੀ ਗਈ।ਇਸ ਦੌਰਾਨ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਤੰਤੀ ਸਾਜਾਂ ਰਾਹੀਂ ਬਹੁਤ ਹੀ ਮਨੋਹਰ ਕੀਰਤਨ ਗਾਇਨ ਕੀਤਾ ,ਉਪਰੰਤ ਸ੍ਰੀ ਹਰਿਮੰਦਿਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਦੇ ਜਥੇ ਨੇ ਵੀ ਆਨੰਦਮਈ ਸ਼ਬਦ ਕੀਰਤਨ ਦੀ ਸੇਵਾ ਨਿਭਾਈ।ਕੀਰਤਨ ਤੋਂ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਗਤਾਂ ਨਾਲ ਤੀਸਰੇ ਘੱਲੂਘਾਰੇ ਦੀ ਸੰਖੇਪ ਜਾਣਕਾਰੀ ਸਾਂਝੀ ਕਰਦੇ ਹੋਏ ਜੂਨ 84 'ਚ ਵਾਪਰੇ ਬ੍ਰਿਤਾਂਤ ਤੇ ਜਬਰ ਜ਼ੁਲਮ ਦਾ ਸਾਹਮਣਾ ਕਰਦੇ ਹੋਏ ਸ਼ਹਾਦਤਾਂ ਦਾ ਜਾਮ ਪੀਣ ਵਾਲੇ ਸੂਰਬੀਰ ਯੋਧਿਆਂ ਦੀ ਬਹਾਦਰੀ ਦੇ। ਉਨ੍ਹਾਂ ਨੇ ਲੜੀਵਾਰ ਕਥਾ ਨੂੰ ਅੱਗੇ ਤੋਰਦੇ ਹੋਏ






ਗੁਰ ਪ੍ਰਤਾਪ ਸੂਰਜ ਗ੍ਰੰਥ 'ਚੋਂ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਦਿੱਲੀ ਦੇ ਗੁਰਦੁਆਰਾ ਮੰਜਨੂੰ ਟਿੱਲਾ ਵਿਖੇ ਪੁੱਜ ਕੇ ਬਾਦਸ਼ਾਹ ਜਹਾਂਗੀਰ ਨੂੰ ਮਿਲਣਾ ਤੇ ਉਸ ਨਾਲ ਹੋਈ ਵਾਰਤਾਲਾਪ ਦਾ ਪ੍ਰਸੰਗ ਸੰਗਤਾਂ ਨੂੰ ਸਰਵਨ ਕਰਾਇਆ।ਇਸ ਮੌਕੇ ਉਨ੍ਹਾਂ ਨੇ ਚੱਲ ਰਹੇ ਸ਼ਹੀਦੀ ਸਮਾਗਮਾਂ ਦੀ ਮਹੱਤਤਾ ਦੱਸਦੇ ਹੋਏ ਸਮੂਹ ਸੰਗਤਾਂ ਨੂੰ ਪੰਜ ਰੋਜ਼ਾਂ ਚੱਲਣ ਵਾਲੇ ਇੰਨ੍ਹਾਂ ਦੀਵਾਨਾਂ ਤੋਂ ਇਲਾਵਾ 6 ਜੂਨ ਨੂੰ ਵੱਡੇ ਪੱਧਰ 'ਤੇ ਕੀਤੇ ਜਾ ਰਹੇ ਸ਼ਹੀਦੀ ਸਮਾਗਮ 'ਚ ਵੀ ਵੱਧ ਚੜ੍ਹ ਕੇ ਹਾਜ਼ਰੀ ਭਰਨ ਦੀ ਅਪੀਲ਼ ਕੀਤੀ। ਉਨ੍ਹਾਂ ਨੇ ਦੇਸ਼-ਵਿਦੇਸ਼ 'ਚ ਵੱਸਦੀਆਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਇਸ ਘੱਲੂਘਾਰੇ ਦਿਵਸ ਮੌਕੇ ਪੂਰੀ ਨਿਮਰਤਾ ਤੇ ਜ਼ਾਬਤੇ 'ਚ ਰਹਿਣ ਦੀ ਵੀ ਅਪੀਲ ਕਰਦਿਆ ਕਿਹਾ ਕਿ ਸ਼ਹੀਦ ਸਾਡੀ ਕੌਮ ਦਾ ਅਣਮੁੱਲਾ ਸਰਮਾਇਆ ਹਨ ਤੇ ਉਨ੍ਹਾਂ ਦੇ ਸ਼ਹੀਦੀ ਦਿਹਾੜੈ ਮਨਾਉਣਾ ਸਾਡਾ ਕੌਮੀ ਧਰਮ ਵੀ ਹੈ ਤੇ ਸਾਡਾ ਮੁੱਢਲਾ ਫਰਜ਼ ਵੀ,ਪਰ ਇਸ ਮੌਕੇ ਅਮਨ ਤੇ ਸ਼ਾਂਤੀ ਵਾਲਾ ਮਾਹੌਲ ਬਣਾਏ ਰੱਖਣਾ ਵੀ ਸਾਡੀ ਪਹਿਲ਼ੀ ਜਿੰਮੇਵਾਰੀ ਬਣਦੀ ਹੈ ਤਾਂ ਜੋ ਇਨ੍ਹਾਂ ਸ਼ਹੀਦੀ ਦਿਹਾੜਿਆਂ ਦੀ ਮਹਾਨਤਾ ਨੂੰ ਇੰਨ-ਬਿੰਨ ਕਾਇਮ ਰੱਖਿਆ ਜਾ ਸਕੇ।ਅੱਜ ਦੇ ਦੀਵਾਨ 'ਚ ਭਾਈ ਈਸ਼ਰ ਸਿੰਘ,ਭਾਈ ਅਜੈਬ ਸਿੰਘ ਅਭਿਆਸੀ,ਪ੍ਰਿੰ.ਗੁਰਦੀਪ ਸਿੰਘ ਰੰਧਾਵਾ, ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ,ਭਾਈ ਨਵਤੇਜ ਸਿੰਘ ਚੇਲੇਆਣਾ ਸਾਹਿਬ,ਬਾਬਾ ਗੁਰਮੀਤ ਸਿੰਘ ਬੱਦੋਵਾਲ,ਬਾਬਾ ਮਨਮੋਹਨ ਸਿੰਘ ਭੰਗਾਲੀਵਾਲੇ,ਗਿ.ਪ੍ਰਗਟ ਸਿੰਘ ਭੀਲੋਵਾਲ,ਜਥੇ.ਅਜੀਤ ਸਿੰਘ, ਜਥੇ.ਸੁਖਦੇਵ ਸਿੰਘ,ਜਥੇ.ਬੋਹੜ ਸਿੰਘ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ,ਹਰਸ਼ਦੀਪ ਸਿੰਘ ਰੰਧਾਵਾ,ਅਵਤਾਰ ਸਿੰਘ ਬੁੱਟਰ,ਭਾਈ ਹਰਚੰਦ ਸਿੰਘ,ਭਾਈ ਜੋਬਨਪ੍ਰੀਤ ਸਿੰਘ,ਭਾਈ ਮਨਦੀਪ ਸਿੰਘ ਜੌਹਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਜਲੰਧਰ ਚੋਣਾਂ ਤੋਂ ਬਾਅਦ ਵੱਡਾ ਉਲਟਫੇਰ, ਜਾਣੋ 'ਆਪ' ਵਿਧਾਇਕ ਨੇ ਵਾਪਸ ਕਿਉਂ ਲਿਆ ਅਸਤੀਫਾ ?

**ਜਲੰਧਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਜਲੰਧਰ ਜਲੰਧਰ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ (ਹੁਣ ਭਾਜਪਾ ਵਿੱਚ) ਨੇ ਆਪਣੇ



ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਪਰ ਅੱਜ ਉਨ੍ਹਾਂ ਆਪਣਾ ਅਸਤੀਫਾ ਵਾਪਸ ਲੈ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੰਗੁਰਾਲ ਨੇ ਚੋਣਾਂ ਖ਼ਤਮ ਹੁੰਦੇ ਹੀ ਭਾਜਪਾ ਤੋਂ ਦੂਰੀ ਬਣਾ ਲਈ। ਦੱਸ ਦੇਈਏ ਕਿ ਅੰਗੁਰਾਲ ਨੇ ਵਿਧਾਨ ਸਭਾ ਸਪੀਕਰ ਨੂੰ ਪੱਤਰ ਲਿਖਿਆ ਹੈ। ਅੰਗੁਰਾਲ ਨੇ ਪੱਤਰ 'ਚ ਕਿਹਾ ਹੈ ਕਿ ਜੇਕਰ ਹੁਣ ਤੱਕ ਉਨ੍ਹਾਂ ਦਾ ਅਸਤੀਫਾ ਸਵੀਕਾਰ ਕਰ ਲਿਆ ਜਾਂਦਾ ਤਾਂ ਪੱਛਮੀ ਹਲਕੇ 'ਚ ਮੁੜ ਚੋਣਾਂ ਕਰਵਾਉਣੀਆਂ ਪੈਂਦੀਆਂ, ਜਿਸ ਨਾਲ ਸਰਕਾਰ ਦੇ ਚੋਣ ਖਰਚੇ ਵਧ ਸਕਦੇ ਹਨ। ਇਸ ਕਾਰਨ ਉਹ ਆਪਣਾ ਅਸਤੀਫਾ ਵਾਪਸ ਲੈ ਰਹੇ ਹਨ। ਤੁਹਾਨੂੰ ਦੱਸ ਦੇਈਏ ਕਿ ਵਿਧਾਨ ਸਭਾ ਦੇ ਸਪੀਕਰ ਨੇ 3 ਜੂਨ ਨੂੰ ਅੰਗੁਰਲ ਬੁਲਾਇਆ ਸੀ। ਪਰ ਇਸ ਤੋਂ ਪਹਿਲਾਂ ਹੀ ਅੰਗੁਰਾਲ ਨੇ ਖੁਦ ਹੀ ਆਪਣਾ ਅਸਤੀਫਾ ਵਾਪਸ ਲੈ ਲਿਆ ਸੀ। ਫਿਲਹਾਲ ਇਸ ਸਬੰਧੀ ਵਿਧਾਇਕ ਅੰਗੁਰਾਲ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ਦੱਸ ਦੇਈਏ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਵਿਧਾਇਕ ਅੰਗੁਰਾਲ ਭਾਜਪਾ 'ਚ ਸ਼ਾਮਲ ਹੋ ਗਏ ਸਨ ਅਤੇ ਅਗਲੇ ਹੀ ਦਿਨ ਉਨ੍ਹਾਂ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਨੂੰ ਆਪਣਾ ਅਸਤੀਫਾ ਭੇਜ ਦਿੱਤਾ ਸੀ।ਅੰਗੁਰਲ 'ਆਪ' ਦੇ ਸਾਬਕਾ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ (ਹੁਣ ਭਾਜਪਾ ਵਿੱਚ) ਦੇ ਨਾਲ ਦਿੱਲੀ ਸਥਿਤ ਭਾਜਪਾ ਦਫ਼ਤਰ ਪਹੁੰਚੇ ਅਤੇ ਭਾਜਪਾ ਵਿੱਚ ਸ਼ਾਮਲ ਹੋ ਗਏ ਸੀ। ਉਨ੍ਹਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ, ਜਲੰਧਰ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਉਨ੍ਹਾਂ ਦੇ ਘਰ ਦੇ ਬਾਹਰ ਨਾਅਰੇਬਾਜ਼ੀ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੂੰ ਪਾਰਟੀ ਦਾ ਗੱਦਾਰ ਵੀ ਕਿਹਾ ਗਿਆ। ਇਸ ਮਗਰੋਂ ਜ਼ਿਲ੍ਹਾ ਪੁਲਿਸ ਵੱਲੋਂ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਅਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਸੀ।ਪੰਜਾਬ ਦੀ ਰਾਜਨੀਤੀ ਵਿੱਚ ਭੂਚਾਲ ਲਿਆਉਣ ਵਾਲੇ ਲੋਟਸ ਦੀ ਮੁੱਖ ਸ਼ਿਕਾਇਤਕਰਤਾ ਸ਼ੀਤਲ ਅੰਗੁਰਾਲ ਹੈ।ਕਰੀਬ ਡੇਢ ਸਾਲ ਪਹਿਲਾਂ ਆਪਰੇਸ਼ਨ ਲੋਟਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਦੋ ਵਿਧਾਇਕਾਂ ਜਲੰਧਰ ਪੱਛਮੀ ਹਲਕੇ ਤੋਂ ਵਿਧਾਇਕ ਸ਼ੀਤਲ ਅੰਗੁਰਾਲ ਅਤੇ ਜਲੰਧਰ ਕੇਂਦਰੀ ਹਲਕੇ ਤੋਂ ਵਿਧਾਇਕ ਰਮਨ ਅਰੋੜਾ ਨੇ ਬਿਆਨ ਦਰਜ ਕਰਵਾਏ ਸਨ। ਮੁਹਾਲੀ ਥਾਣੇ ਵਿੱਚ ਕੇਸ ਦਰਜ ਹੋਣ ਤੋਂ ਬਾਅਦ ਇਸ ਮਾਮਲੇ ਦੀ ਜਾਂਚ ਵਿਜੀਲੈਂਸ ਬਿਊਰੋ ਨੂੰ ਸੌਂਪੀ ਗਈ ਸੀ। ਪਰ ਡੇਢ ਸਾਲ ਬੀਤ ਜਾਣ 'ਤੇ ਵੀ ਵਿਜੀਲੈਂਸ ਦੀ ਜਾਂਚ 'ਚ ਅਜਿਹਾ ਕੋਈ ਤੱਥ ਸਾਹਮਣੇ ਨਹੀਂ ਆਇਆ, ਜਿਸ ਨਾਲ ਇਸ ਮਾਮਲੇ 'ਚ ਕਿਸੇ ਦਾ ਨਾਂ ਲਿਆ ਜਾ ਸਕੇ। ਦੂਜੇ ਪਾਸੇ ਭਾਜਪਾ 'ਚ ਸ਼ਾਮਲ ਹੋਣ ਤੋਂ ਬਾਅਦ ਸ਼ੀਤਲ ਅੰਗੁਰਾਲ ਨੇ ਕੱਲ੍ਹ ਕਿਹਾ ਸੀ ਕਿ ਆਪ੍ਰੇਸ਼ਨ ਲੋਟਸ ਦੇ ਮਾਮਲੇ 'ਚ ਕੀ ਹੋਇਆ, ਇਸ ਬਾਰੇ ਉਹ ਜਲਦ ਹੀ ਵੱਡਾ ਖੁਲਾਸਾ ਕਰਨਗੇ।

## ਅਸਮਾਨੋਂ ਵਰ੍ਹਦੀ 'ਅੱਗ' ਚ ਹਜ਼ਾਰਾਂ ਕਿਸਾਨਾਂ ਦਾ ਜੱਥਾ ਸ਼ੰਭੂ ਮੋਰਚੇ ਲਈ ਰਵਾਨਾ, ਕਿਹਾ, ਸੰਘਰਸ਼ ਨਾਲ ਹੀ ਹੋਵੇਗਾ ਮਸਲਾ ਹੱਲ



**ਚੰਡੀਗੜ੍ਹ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ ਗੈ.ਰ ਰਾਜਨੀਤਿਕ ਦੀ ਅਗਵਾਈ ਹੇਠ ਕਿਸਾਨਾਂ ਮਜਦੂਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਚੱਲ ਰਹੇ ਕਿਸਾਨ ਅੰਦੋਲਨ ਨੂੰ ਵੱਡਾ ਹੁਲਾਰਾ ਮਿਲਿਆ ਹੈ। ਇਸ ਤਹਿਤ ਅੰਮ੍ਰਿਤਸਰ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਮੋਰਚੇ ਵਿੱਚ ਸ਼ਾਮਲ ਲਈ ਸਰਵਨ ਸਿੰਘ ਪੰਧੇਰ ਦੀ ਅਗਵਾਈ ਵਿੱਚ ਰਵਾਨਾ ਹੋਇਆ। ਇਸ ਜੱਥੇ ਵਿੱਚ ਸੈਂਕੜੇ ਟਰੈਕਟਰ ਟਰਾਲੀਆਂ ਰਾਹੀਂ ਹਜ਼ਾਰਾਂ ਕਿਸਾਨਾਂ ਮਜਦੂਰਾਂ ਅਤੇ ਔਰਤਾਂ ਦਾ ਕਾਫ਼ਲਾ ਸ਼ੰਭੂ ਬਾਰਡਰ ਮੋਰਚੇ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਏ। ਇਸ ਮੌਕੇ ਆਗੂਆਂ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਿਹਾ ਕਿ ਪੰਜਾਬ ਅਤੇ ਦੇਸ਼ ਦੇ ਲੋਕਾਂ ਨੇ ਸਧਾਰਨ ਪੱਧਰ ਦੀ ਗਿਣਤੀ ਵਿੱਚ ਵੋਟਾਂ ਪਾਉਣ ਵਿੱਚ ਹਿੱਸਾ ਲਿਆ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਲੋਕਾਂ ਨੂੰ ਇਹਨਾਂ ਰਾਜਨੀਤਿਕ ਪਾਰਟੀਆਂ ਦੁਆਰਾ ਕੀਤੀ ਜਾਂਦੀ ਸਿਆਸਤ ਨਾ ਗਵਾਰ ਗੁਜ਼ਰ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਇਸ ਗੱਲ ਨੂੰ ਸਮਝ ਰਹੇ ਹਨ ਕਿ ਉਨ੍ਹਾਂ ਦੇ ਮਸਲਿਆਂ ਦਾ ਹੱਲ ਸੰਘਰਸ਼ 'ਤੇ ਟੇਕ ਰੱਖ ਕੇ ਹੋਣਾ ਹੈ। ਉਨ੍ਹਾਂ ਕਿਹਾ ਕਿ ਨਵੀਂ ਸਰਕਾਰ ਕਿਸੇ ਵੀ ਗਠਬੰਧਨ ਦੀ ਬਣੇ ਅੰਦੋਲਨ ਮੰਗਾਂ ਮੰਨੇ ਜਾਣ ਤੱਕ ਜਾਰੀ ਰਹੇਗਾ। ਨਵੀਂ ਸਰਕਾਰ ਅੱਗੇ ਸਭ ਤੋਂ ਪਹਿਲਾ ਸਵਾਲ ਸਾਰੀਆਂ ਫ਼ਸਲਾਂ ਦੀ ਐਮ ਐਸ ਪੀ ਤੇ ਖਰੀਦ ਦਾ ਗਰੰਟੀ ਕਾਨੂੰਨ ਅਤੇ ਭਾਅ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਲਾਗੂ ਕਰਵਾਉਣ, ਕਿਸਾਨ ਮਜਦੂਰ ਦੀ ਕਰਜ਼ਾ ਮੁਕਤੀ, ਮਨਰੇਗਾ ਤਹਿਤ ਪ੍ਰਤੀ ਸਾਲ 200 ਦਿਨ ਰੁਜਗਾਰ ਅਤੇ ਦਿਹਾੜੀ 700 ਰੁਪਏ, ਕਿਸਾਨ ਮਜ਼ਦੂਰ ਲਈ ਪੈਨਸ਼ਨ, ਫਸਲੀ ਬੀਮਾ ਯੋਜਨਾ, ਸੰਵਿਧਾਨ ਦੀ 5ਵੀਂ ਸੂਚੀ ਲਾਗੂ ਕਰਵਾਉਣ ਦੀ ਆਦਿਵਾਸੀਆਂ ਦੀ ਚਰੋਕਲੀ ਮੰਗ ਸਮੇਤ 10 ਅਹਿਮ ਮੰਗਾਂ ਦੇ ਹੱਲ ਕਰਨ ਦਾ ਹੋਵੇਗਾ।

## ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼ਹੀਦੀ ਹ.ਫਤੇ ਨੂੰ ਮੁੱਖ ਰੱਖਦਿਆਂ ਲੋਕ ਸਭਾ ਉਮੀਦਵਾਰਾਂ ਲਈ ਜਾਰੀ ਕੀਤੇ ਹੁਕਮ

**ਅੰਮ੍ਰਿਤਸਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਦੇਸ਼ ਭਰ ਵਿੱਚ ਚੋਣਾਂ ਹੋਣ ਮਗਰੋਂ ਉਮੀਦਵਾਰਾਂ ਦੀਆਂ ਨਜ਼ਰਾਂ ਹੁਣ ਲੋਕ ਸਭਾ ਚੋਣਾਂ 2024 ਦੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਹਨ। ਉਮੀਦਵਾਰਾਂ ਵਲੋਂ ਆਪਣੀ ਜਿੱਤ ਨੂੰ ਯਕੀਨੀ ਮੰਨਦਿਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਭ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਹੁਕਮ ਜਾਰੀ ਕਰਕੇ ਅਪੀਲ ਕੀਤੀ ਹੈ।



ਉਨ੍ਹਾਂ ਕਿਹਾ ਕਿ 4 ਜੂਨ ਨੂੰ ਲੋਕ ਸਭਾ ਚੋਣਾਂ 2024 ਦਾ ਨਤੀਜਾ ਆਉਣਾ ਹੈ। ਇਸ ਦੇ ਨਾਲ ਹੀ ਜੂਨ ਦਾ ਪਹਿਲਾ ਹਫ਼ਤਾ ਵੀ ਸਿੱਖ ਕੌਮ ਵੱਲੋਂ ਸ਼ਹੀਦੀ ਹਫ਼ਤੇ ਦੇ ਨਾਂ ਹੇਠ ਮਨਾਇਆ ਜਾਂਦਾ ਹੈ, ਕਿਉਂਕਿ ਜੂਨ ਮਹੀਨੇ 'ਚ 1984 ਨੂੰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ੍ਰੀ ਹਰਮੰਦਿਰ ਸਾਹਿਬ 'ਤੇ ਭਾਰਤੀ ਹਕੂਮਤ ਵੱਲੋਂ ਟੈਂਕਾਂ ਤੋਪਾਂ ਦੇ ਨਾਲ ਹਮਲਾ ਕੀਤਾ, ਜਿਸ ਦੌਰਾਨ ਹਜ਼ਾਰਾਂ ਸਿੰਘ-ਸਿੰਘਣੀਆਂ ਨੇ ਸ਼ਹੀਦੀਆਂ ਪ੍ਰਾਪਤ ਕੀਤੀਆਂ। ਉਨ੍ਹਾਂ ਨੂੰ ਸਮੁੱਚੇ ਸੰਸਾਰ 'ਚ ਵੱਸਦੇ ਸਿੱਖ ਸ਼ਰਧਾਂਜਲੀ ਭੇਂਟ ਕਰਦੇ ਹਨ ਅਤੇ ਜੂਨ ਦੇ ਇਸ ਪਹਿਲੇ ਹਫ਼ਤੇ ਨੂੰ ਦੁਖਦਾਈ ਯਾਦ ਵੱਜੋਂ ਮਨਾਉਂਦਾ ਹੈ। ਉਨ੍ਹਾਂ ਕਿਹਾ ਕਿ ਜੂਨ 84 ਦੇ ਇਸ ਘੱਲੂਘਾਰੇ ਨੂੰ ਤੀਜੇ ਘੱਲੂਘਾਰੇ ਦਾ ਨਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਿੱਤਾ ਗਿਆ ਹੈ। ਇਸ ਲਈ ਅਪੀਲ ਕੀਤੀ ਜਾਂਦੀ ਹੈ ਕਿ 4 ਜੂਨ ਨੂੰ ਜਿਹੜੇ ਉਮੀਦਵਾਰ ਲੋਕ ਸਭਾ ਚੋਣਾਂ ਵਿੱਚ ਜਿੱਤ ਕੇ ਆਉਂਦੇ ਹਨ, ਉਹ ਸ਼ਹੀਦੀ ਹਫ਼ਤੇ ਦੇ ਚਲਦਿਆਂ ਇਨ੍ਹਾਂ ਦਿਹਾੜਿਆਂ ਪ੍ਰਤੀ ਸਿੱਖਾਂ ਭਾਵਨਾਵਾਂ ਦੇ ਮੱਦੇਨਜ਼ਰ ਨਤੀਜਿਆਂ ਮਗਰੋਂ ਢੋਲ-ਢਮੱਕੇ ਨਾਲ ਜਾਂ ਸਪੀਕਰ ਲਗਾ ਕੇ ਖੁਸ਼ੀ ਦਾ ਜਸ਼ਨ ਬਿਲਕੁਲ ਨਾ ਕਰਨ। ਸਗੋਂ ਗੁਰੂ ਘਰ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਜ਼ਰੂਰ ਕਰਨ।

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਨਹੀਂਓਂ ਭੁੱਲਣਾ ਜੂਨ 84

## ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਅਤੇ ਕਤਲੇਆਮ ਦੀ ਤੁਲਨਾ ਅਸੀਂ ਤੁਰਕੀ ਅਤੇ ਇਰਾਕ ਦੀਆਂ ਕੁਰਦਿਸ਼ ਲੋਕਾਂ ਨੂੰ ਦਬਾਉਣ ਨਾਲ ਕਰ ਸਕਦੇ ਹਾਂ

3

ਇਕ ਫੌਜੀ ਕਹਿ ਰਿਹਾ ਸੀ "ਹਮਾਰੇ ਬਹੁਤ ਸਾਰੇ ਆਦਮੀ ਮਾਰੇ ਗਏ ਹੈਂ।"

ਜਿਸ ਤਰ੍ਹਾਂ ਪਹਿਲਾ ਦੱਸਿਆ ਜਾ ਚੁੱਕਾ ਹੈ ਕਿ ਫੌਜ ਦੇ ਕਬਜ਼ੇ ਵਿੱਚ ਆਉਣ ਵਾਲੀ ਸਭ ਤੋਂ ਪਹਿਲੀ ਬਿਲਡਿੰਗ ਗੁਰੂ ਰਾਮਦਾਸ ਸਰਾਂ ਸੀ। ਇਥੇ ਕੋਈ 50 ਕੁ ਖਾੜਕੂ ਸਿੰਘ ਸਨ ਜੋ ਹੁਣ ਇਥੋਂ ਜਾ ਚੁੱਕੇ ਸਨ। ਇਥੇ ਹੁਣ ਬੱਚੇ, ਬੁੱਢੇ ਅਤੇ ਬੀਬੀਆਂ ਸਨ ਇਨ੍ਹਾਂ ਵਿੱਚੋਂ ਕੁਝ ਜਵਾਨ ਵੀ ਸਨ। ਇਥੇ ਫੌਜ ਵੱਲੋਂ ਕੀਤੇ ਜ਼ੁਲਮ ਹੁਣ ਤੱਕ ਹੋਏ ਹਕੂਮਤੀ ਜ਼ੁਲਮਾਂ ਨੂੰ ਫਿੱਕਾ ਕਰ ਦਿੰਦੇ ਹਨ। ਹਿਟਲਰ ਦੇ ਗੈਸ ਚੈਮਬਰ ਇਤਿਹਾਸ ਵਿੱਚ ਪੜ੍ਹਦੇ ਹਾਂ ਜਿਥੇ ਹਜ਼ਾਰਾਂ ਯਹੂਦੀਆਂ ਨੂੰ ਇਕ ਵੱਡੇ ਸਾਰੇ ਹਾਲ ਵਿੱਚ ਬੰਦ ਕਰਕੇ ਅੰਦਰ ਗੈਸ ਚੈਮਬਰ ਇਤਿਹਾਸ ਵਿੱਚ ਪੜ੍ਹਦੇ ਹਾਂ ਜਿਥੇ ਹਜ਼ਾਰਾਂ ਯਹੂਦੀਆਂ ਨੂੰ ਇਕ ਵੱਡੇ ਸਾਰੇ ਹਾਲ ਵਿੱਚ ਬੰਦ ਕਰਕੇ ਅੰਦਰ ਗੈਸ ਛੱਡ ਦਿੱਤੀ ਜਾਂਦੀ ਸੀ ਇਥੇ ਸਾਨੂੰ ਸਟਾਲਿਨ ਦੇ ਵੀ ਕਾਰਨਾਮੇ ਯਾਦ ਆ ਜਾਂਦੇ ਹਨ ਕਿ ਜਿਵੇਂ ਨਵੇਂ ਯੁੱਗ ਦੀ ਸ਼ੁਰੂਆਤ ਮੰਨਦੇ ਹਾਂ ਜਦੋਂ ਹਕੂਮਤ ਲੋਕਾਂ 'ਤੇ ਜ਼ੁਲਮ ਵੀ ਕਰਦੀ ਹੈ ਉਨ੍ਹਾਂ ਦੀ ਨਸਲਕੁਸ਼ੀ ਕਰਦੀ ਹੈ ਪਰ ਇਹ ਛੁਪਾ ਕੇ ਰੱਖੇ ਜਾਂਦੇ ਹਨ ਇਹ ਸਟਾਲਿਨਿਸਟ ਨੀਤੀ ਕਹਾਉਂਦੀ ਹੈ।ਆਪਣੇ ਰਾਜਨੀਤਕ ਵਿਰੋਧੀ ਕੌਮਾਂ ਜਾਂ ਪਾਰਟੀ ਦੇ ਲੋਕਾਂ ਨੂੰ ਕਿਵੇਂ ਦੁਨੀਆਂ ਦੀਆਂ ਅੱਖਾਂ ਵਿੱਚ ਘੱਟਾ ਪਾ ਕੇ ਖ਼ਤਮ ਕਰਨਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV


ਦੁਨੀਆ ਦੇ ਇਤਿਹਾਸ ਵਿੱਚ ਹੋਰ ਬਹੁਤ ਸਾਰੀਆਂ ਉਦਾਹਰਣਾਂ ਇਸ ਤਰ੍ਹਾਂ ਦੀਆਂ ਮਿਲ ਜਾਂਦੀਆਂ ਹਨ ਜਿਸ ਤਰ੍ਹਾਂ ਕਿ ਦੂਸਰੇ ਸੰਸਾਰ ਯੁੱਧ ਵਿੱਚ ਜਾਪਾਨੀ ਫੌਜਾਂ ਨੇ ਕੋਰੀਆਈ ਲੋਕਾਂ 'ਤੇ ਅੰਨ੍ਹੇਵਾਹ ਜ਼ੁਲਮ ਕੀਤੇ ਸਨ। ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਅਤੇ ਕਤਲੇਆਮ ਦੀ ਤੁਲਨਾ ਅਸੀਂ ਤੁਰਕੀ ਅਤੇ ਇਰਾਕ ਦੀਆਂ ਕੁਰਦਿਸ਼ ਲੋਕਾਂ ਨੂੰ ਦਬਾਉਣ ਨਾਲ ਕਰ ਸਕਦੇ ਹਾਂ। ਇਨ੍ਹਾਂ ਲੋਕਾਂ ਨੂੰ ਦਬਾਉਣ ਲਈ ਇਸ ਤਰ੍ਹਾਂ ਦੇ ਹੀ ਹੱਥਕੰਡੇ ਅਪਨਾਏ ਗਏ। ਲੋਕਾਂ ਨੂੰ ਇਸ ਤਰ੍ਹਾਂ ਮਾਰਿਆ ਅਤੇ ਦਬਾਇਆ ਗਿਆ ਕਿ ਉਹ ਲੰਮੇ ਸਮੇਂ ਤੱਕ ਉਠ ਨਾ ਸਕਣ। ਸਿੱਖਾਂ ਦੇ ਆਪਣੇ ਇਤਿਹਾਸ ਵਿੱਚ ਛੋਟੇ ਅਤੇ ਵੱਡੇ ਦੋ ਘੱਲੂਘਾਰੇ 18ਵੀਂ ਸਦੀ ਵਿੱਚ ਵਾਪਰੇ। ਇਹ ਕਤਲੇਆਮ ਬਿਨਾ ਕਿਸੇ ਭੇਦ ਦੇ ਕੀਤਾ ਗਿਆ ਹੈ ਜਦੋਂ ਔਰਤਾਂ, ਬੱਚੇ, ਬੁੱਢੇ ਵੀ ਫੌਜ ਨੇ ਮਾਰੇ ਕੁਝ ਇਸ ਤਰ੍ਹਾਂ ਦਾ ਇਥੇ ਗੁਰੂ ਰਾਮਦਾਸ ਸਰ੍ਹਾਂ ਵਿੱਚ ਵਾਪਰਿਆ ਕਿ ਕਿਵੇਂ ਅੰਦਰ ਤਹਿਖਾਨੇ ਵਿੱਚ ਬੰਦ ਔਰਤਾਂ ਤੇ ਬੱਚਿਆਂ ਨੂੰ ਅੱਗ ਵਾਲੇ ਬੰਬ ਸੁੱਟ ਕੇ ਅੰਦਰ ਹੀ ਖ਼ਤਮ ਕਰ ਦਿੱਤਾ ਗਿਆ। ਭੜਕੇ ਹੋਏ ਫੌਜੀਆਂ ਨੇ ਛੋਟੇ-ਛੋਟੇ ਮਾਸੂਮ ਬੱਚਿਆਂ ਨੂੰ ਉਨ੍ਹਾਂ ਦੀਆਂ ਮਾਵਾਂ ਤੋਂ ਖੋਹ ਕੇ ਸਰਾਂ ਵਿੱਚ ਦਰੀਆਂ ਅਤੇ ਰਜਾਈਆਂ ਵਾਲੇ ਕਮਰਿਆਂ ਵਿੱਚ ਲੱਗੀ ਹੋਈ ਅੱਗ ਵਿੱਚ ਸੁੱਟ ਦਿੱਤਾ। ਮੰਜੀ ਸਾਹਿਬ ਦੀਵਾਨ ਹਾਲ ਵਿੱਚ ਬੈਠੀ ਜ਼ਿਆਦਾਤਰ ਸੰਗਤ ਨੂੰ ਉਥੇ ਹੀ ਖ਼ਤਮ ਕਰ ਦਿੱਤਾ ਗਿਆ। ਇਨ੍ਹਾਂ ਵਿੱਚ ਜਵਾਨਾਂ ਨੂੰ ਪਹਿਲਾ ਕੱਢਿਆ ਗਿਆ ਇਨ੍ਹਾਂ ਦੇ ਹੱਥ ਪਿੱਛੋਂ ਇਨ੍ਹਾਂ ਦੀ ਹੀ ਪਗੜੀਆਂ ਨਾਲ ਬੰਨ੍ਹ ਕੇ ਪਰਕਰਮਾ ਵਿੱਚ ਲਿਜਾ ਕੇ ਗੋਲੀ ਮਾਰ ਦਿੱਤੀ। ਫੌਜੀਆਂ ਨੇ ਪਰਕਰਮਾ ਦੇ ਕਮਰਿਆਂ ਅਤੇ ਸਰਾਂ ਵਿੱਚ ਲੋਕਾਂ ਨੂੰ ਮਾਰਨ ਲਈ ਹਰ ਤਰੀਕਾ ਵਰਤਿਆ। ਜ਼ੁਲਮ ਹੱਦਾਂ ਬੰਨ੍ਹੇ ਟੱਪ ਗਿਆ। ਲੋਕ ਲੋਕਤਾਂਤਰਿਕ ਸਰਕਾਰ ਲੋਕਾਂ ਨਾਲ ਅਜਿਹਾ ਸਲੂਕ ਵੀ ਕਰ ਸਕਦੀ ਹੈ ਇਹ ਸਿੱਖਾਂ ਨੇ ਇਕ ਘੱਟਗਿਣਤੀ ਹੋਣ ਕਾਰਨ ਹੰਢਾਇਆ ਜੋ ਕਿ ਬਹੁਗਿਣਤੀ ਨੂੰ ਖੁਸ਼ ਕਰਨ ਅਤੇ ਉਨ੍ਹਾਂ ਦੀਆਂ ਵੋਟਾਂ ਲੈਣ ਲਈ ਕੀਤਾ ਗਿਆ ਸੀ।

6 ਜੂਨ ਨੂੰ ਦੁਪਹਿਰ ਤੱਕ ਫਾਇਰਿੰਗ ਬੰਦ ਹੋ ਚੁੱਕੀ ਸੀ। ਪਰਕਰਮਾ, ਸਰਾਵਾਂ ਅਤੇ ਅਕਾਲ ਤਖ਼ਤ ਸਾਹਿਬ ਦੇ 100 ਮੀਟਰ ਘੇਰੇ ਵਿੱਚ ਅਤੇ ਸਰਵੋਰ ਵਿੱਚ ਲਾਸ਼ਾਂ ਹੀ ਲਾਸ਼ਾਂ ਸਨ। ਇਸੇ ਦਿਨ ਹੀ ਮਿਊਂਸੀਪਲ ਕਾਰਪੋਰੇਸ਼ਨ ਦੇ ਲੋਕਾਂ ਦੀ ਡਿਊਟੀ ਇਨ੍ਹਾਂ ਲਾਸ਼ਾਂ ਨੂੰ ਸਾਂਭਣ ਵਿੱਚ ਲੱਗੀ। ਮਿਊਂਸੀਪਲ ਕਾਰਪੋਰੇਸ਼ਨ ਦਾ ਇਕ ਅਧਿਕਾਰੀ ਜੋ ਉਸ ਸਮੇਂ ਆਪਣੀ ਡਿਊਟੀ ਕਰ ਰਿਹਾ ਸੀ ਤੇ ਆਪਣੀਆਂ ਅੱਖਾਂ ਨਾਲ ਇਹ ਸਭ ਕੁਝ ਵੇਖਿਆ ਉਸਨੇ ਦੱਸਿਆ- "ਅਸੀਂ ਸਭ ਤੋਂ ਪਹਿਲਾ ਸੰਤ ਜਰਨੈਲ ਸਿੰਘ, ਬਾਬਾ ਥਾਹਰਾ ਸਿੰਘ, ਭਾਈ ਅਮਰੀਕ ਸਿੰਘ ਅਤੇ ਜਨਰਲ ਸੁਬੇਗ ਸਿੰਘ ਦੀਆਂ ਲਾਸ਼ਾਂ ਕੱਢੀਆਂ। ਜਨਰਲ ਸੁਬੇਗ ਸਿੰਘ ਦੀ ਲਾਸ਼ ਨੂੰ ਠੁਡੇ ਮਾਰ ਗਏ। ਜਨਰਲ ਸੁਬੇਗ ਸਿੰਘ ਨੇ ਉਸ ਸਮੇਂ ਸਟੈਚਲਾਨ ਦੀ ਨੀਲੀ ਪੈਂਟ ਪਾਈ ਹੋਈ ਸੀ ਤੇ ਡੱਬੀਆਂ ਵਾਲੀ ਚਿੱਟੀ ਕਮੀਜ਼। ਸਾਰੇ ਕਰਮਚਾਰੀਆਂ ਨੇ ਬੂਟ ਪਾਏ ਹੋਏ ਸਨ। ਪਰਕਮਾ ਵਿੱਚ ਲਾਸ਼ਾਂ, ਕੰਕਰੀਟ, ਗੋਲੀਆਂ ਅਤੇ ਗੋਲਿਆਂ ਦੇ ਖੋਲ ਪਏ ਸਨ।"

ਇਤਿਹਾਸ ਵਿੱਚ ਸਿੰਘਾਂ ਦੇ ਸਿਰ ਗੱਡਿਆਂ ਉਤੇ ਢੋਅ ਕੇ ਲੋਕਾਂ ਦੇ ਪ੍ਰਦਰਸ਼ਨ ਲਈ ਦਿੱਲੀ ਲਾਹੌਰ ਲੈ ਜਾਂਦੇ ਰਹੇ ਤਾਂ ਕਿ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਕੇ ਉਨ੍ਹਾਂ ਨੂੰ ਇਹ ਦੱਸ ਦਿੱਤਾ ਜਾਵੇ ਕਿ ਜਿਹੜਾ ਹਕੂਮਤ ਦੇ ਖਿਲਾਫ਼ ਉਠੇਗਾ ਉਨ੍ਹਾਂ ਨਾਲ ਅਜਿਹਾ ਸਲੂਕ ਹੀ ਕੀਤਾ ਜਾਵੇਗਾ। ਪਰ ਇਤਿਹਾਸ ਗਵਾਹ ਹੈ ਕਿ ਅਜਿਹੇ ਵਰਤਾਇਆ ਨੇ ਸਿੱਖੀ ਨੂੰ ਇਕ ਨਵੀਂ ਦਿਸ਼ਾ ਤੇ ਸਿੱਖਾਂ ਵਿੱਚ ਇਕ ਨਵੀਂ ਰੂਹ ਫੂਕੀ। 6 ਜੂਨ ਤੱਕ ਦਰਬਾਰ ਸਾਹਿਬ ਕੰਪਲੈਕਸ ਵਿੱਚ ਹੋਈ ਕਤਲੋਗਾਰਤ ਤੋਂ ਬਾਅਦ ਸਿੰਘਾਂ ਸਿੰਘਣੀਆਂ ਬੱਚਿਆਂ ਦੀਆਂ ਬੁੱਢਿਆਂ ਦੀਆਂ ਲਾਸ਼ਾਂ ਤਾਂ ਪੁਰ ਥਾਂ ਪਈਆਂ ਸਨ। ਕਈ ਜਗਾ ਲਾਸ਼ਾਂ ਦੇ ਢੇਰ ਲੱਗੇ ਪਏ ਸਨ। ਹਕੂਮਤ ਹਰ ਸਦੀ ਵਿੱਚ ਸਿੱਖਾਂ ਨਾਲ ਅਜਿਹਾ ਸਲੂਕ ਕਰਦੀਆਂ ਰਹੀਆਂ ਹਨ। ਜੇ ਆਪਾਂ ਬਾਕੀ ਸਦੀਆਂ ਨੂੰ ਛੱਡ ਦੇਈਏ ਤਾਂ ਇਕ ਇਕੱਲੀ ਵੀਹਵੀਂ ਸਦੀ ਵਿੱਚ ਹੀ ਅੰਮ੍ਰਿਤਸਰ ਦੇ ਸਿੱਖਾਂ ਨੂੰ ਦੋ ਵਾਰ ਹਕੂਮਤੀ ਕਤਲੋਗਾਰਤ ਦਾ ਸਾਹਮਣਾ ਕਰਨਾ ਪਿਆ। ਇਹ ਸਨ 1919 ਅਤੇ 1984-1919 ਵਿੱਚ ਵਿਸਾਖੀ ਵਾਲੇ ਦਿਨ ਬ੍ਰਿਟਿਸ਼ ਹਕੂਮਤ ਦੇ ਖਿਲਾਫ਼ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਲੋਕਾਂ 'ਤੇ ਡਾਇਰ ਨੇ ਅੰਨ੍ਹੇਵਾਹ ਗੋਲੀ ਚਲਾਈ, ਤਿੰਨ ਹਜ਼ਾਰ ਤੋਂ ਵੱਧ ਲੋਕ ਮਾਰੇ ਗਏ ਸਨ ਇਨ੍ਹਾਂ ਵਿੱਚੋਂ 85% ਸਿੱਖ ਸਨ। ਮਾਰਸ਼ਲ ਲਾਅ ਲਾ ਦਿੱਤਾ ਗਿਆ ਸੀ। ਲੋਕਾਂ 'ਤੇ ਹਰ ਤਰ੍ਹਾਂ ਦਾ ਅਤਿਆਚਾਰ ਕੀਤਾ ਗਿਆ। ਲੋਕਾਂ ਨੂੰ ਗਲੀਆਂ ਵਿੱਚ ਕੂਹਣੀਆਂ ਭਾਰ ਚੱਲਣ ਲਈ ਮਜ਼ਬੂਰ ਕੀਤਾ ਗਿਆ ਸੀ। ਕਿਉਂਕਿ ਬਗਾਨੀ ਹਕੂਮਤ ਲੋਕਾਂ ਨਾਲ ਅਜਿਹਾ ਸਲੂਕ ਹੀ ਕਰਦੀ ਹੈ। ਗੁਲਾਮ ਲੋਕਾਂ ਨੂੰ ਅਵਾਜ਼ ਚੁੱਕਣ ਦੇ ਬਦਲੇ ਇਸ ਤਰ੍ਹਾਂ ਦੀ ਸਜ਼ਾ ਦਿੱਤੀ ਜਾਂਦੀ ਹੈ। ਠੀਕ 65 ਸਾਲ ਬਾਅਦ ਇਕ ਹੋਰ ਕਤਲੇਆਮ ਅਤੇ ਅਤਿਆਚਾਰ ਲੋਕਾਂ ਨੇ ਆਪਣੇ ਤਨਾਂ-ਮਨਾਂ 'ਤੇ ਦੇਖਿਆ, ਹੰਢਾਇਆ। ਇਨ੍ਹਾਂ ਅਤਿਆਚਾਰਾਂ ਦੇ ਮਨੋਵਿਗਿਆਨਿਕ ਪ੍ਰਭਾਵ ਅੱਜ ਵੀ ਅੰਮ੍ਰਿਤਸਰ ਦੇ ਲੋਕਾਂ ਵਿੱਚ ਦੇਖੇ ਜਾ ਸਕਦੇ ਹਨ ਲੋਕ ਇੰਨੇ ਜ਼ਿਆਦਾ ਪ੍ਰਭਾਵਿਤ ਹੋਏ ਕਿ ਇਕ ਅਜੀਬ ਜਿਹਾ ਸਹਿਮ ਅੱਜ ਵੀ ਇਨ੍ਹਾਂ ਲੋਕਾਂ ਦੇ ਚਿਹਰਿਆਂ 'ਤੇ ਪੜ੍ਹਿਆ ਜਾ ਸਕਦਾ ਹੈ। ਇਨ੍ਹਾਂ ਲੋਕਾਂ ਨੇ ਚੁੱਪ ਚੁਪੀਤੇ ਇਥੋਂ 6 ਜੂਨ 1984 ਤੋਂ ਬਾਅਦ ਸਸਕਾਰ ਲਈ ਲਿਜਾਈਆਂ ਗਈਆਂ ਲਾਸ਼ਾਂ ਦਾ ਇਕ ਭਿਆਨਕ ਦ੍ਰਿਸ਼ ਦੇਖਿਆ ਜਿਹੜਾ ਅੱਜ ਵੀ ਇਨ੍ਹਾਂ ਦੇ ਜਿਹਨ 'ਚੋਂ ਨਹੀਂ ਨਿਕਲਿਆ। 3 ਜੂਨ ਤੋਂ 6 ਜੂਨ ਤੱਕ ਹੋਈ ਕਤਲੋਗਾਰਤ ਜਿਸ ਵਿੱਚ ਹਜ਼ਾਰਾਂ ਲੋਕ ਮਾਰੇ, ਹਜ਼ਾਰਾਂ ਹੀ ਜਖ਼ਮੀ ਹੋਏ। ਇਸਤੋਂ ਬਾਅਦ ਦਾ ਨਜ਼ਾਰਾ ਦਿਲ ਕੰਬਾਊ ਸੀ ਲਾਸ਼ਾਂ ਗੰਨਿਆਂ ਵਾਂਗ ਟਰਾਲੀਆਂ ਵਿੱਚ ਲੱਦ ਕੇ ਸ਼ਮਸ਼ਾਨਘਾਟ ਲਿਜਾਈਆਂ ਜਾਂਦੀਆਂ ਸਨ। ਮਿਊਂਸਪਲ ਕਾਰਪੋਰੇਸ਼ਨ ਦਾ ਇਕ ਅਧਿਕਾਰੀ ਜਿਸਨੇ ਇਹ ਸਭ ਕੁਝ ਆਪਣੇ ਹੱਥੀਂ ਕੀਤਾ ਸੀ, ਦਸ ਰਿਹਾ ਸੀ "6 ਜੂਨ ਦੁਪਹਿਰ ਤੋਂ ਬਾਅਦ ਸਾਨੂੰ ਹੁਕਮ ਮਿਲਿਆ ਕਿ ਇਨ੍ਹਾਂ ਸਾਰੀਆਂ ਲਾਸ਼ਾਂ ਦਾ ਸਸਕਾਰ ਕਰਕੇ ਟਿਕਾਣੇ ਲਾ ਦਿਓ" ਉਸਨੇ ਦੱਸਿਆ ਕਿ 50 ਤੋਂ ਜ਼ਿਆਦਾ ਆਦਮੀ 10 ਗੱਡੀਆਂ ਵਿੱਚ ਲਾਸ਼ਾਂ ਢੋਂਹਦੇ ਰਹੇ।

ਪਰਕਰਮਾ ਵਿੱਚ ਲਾਸ਼ਾਂ ਹੀ ਲਾਸ਼ਾਂ ਸਨ। ਖ਼ੂਨ ਦੀਆਂ ਨਦੀਆਂ ਚੱਲ ਰਹੀਆਂ ਸਨ। ਅਸੀਂ ਇਹ ਸੁਣਿਆ ਹੀ ਹੋਵੇਗਾ ਪਰ ਅੰਮ੍ਰਿਤਸਰ ਦਰਬਾਰ ਸਾਹਿਬ ਦੇ ਆਸ-ਪਾਸ ਰਹਿਣ ਵਾਲੇ ਲੋਕਾਂ ਨੇ ਇਹ ਦੇਖਿਆ ਵੀ ਹੈ ਕਿ ਜਿਨ੍ਹਾਂ ਨਾਲਿਆਂ ਵਿੱਚ ਪਹਿਲਾ ਦਰਬਾਰ ਸਾਹਿਬ ਤੋਂ ਪਾਣੀ ਆਉਂਦਾ ਸੀ ਹੁਣ ਉਨ੍ਹਾਂ ਨਾਲਿਆਂ ਵਿੱਚ ਖ਼ੂਨ ਵਗ ਰਿਹਾ ਸੀ। ਮਿਊਂਸੀਪਲ ਕਾਰਪੋਰੇਸ਼ਨ ਦੇ ਲੋਕਾਂ ਨੇ ਇਸ ਸ਼ਰਤ 'ਤੇ ਲਾਸ਼ਾਂ ਚੁੱਕੀਆਂ ਕਿ ਜੋ ਪੈਸਾ, ਸੋਨਾ ਅਤੇ ਸਾਮਾਨ ਹੋਵੇਗਾ ਉਹ ਸਾਡਾ ਹੋਵੇਗਾ। ਇਨ੍ਹਾਂ ਦਾ ਕਹਿਣਾ ਸੀ ਕਿ ਇਕ ਦੋ ਦਿਨ ਤਾਂ ਸਾਡੇ ਕਰਮਚਾਰੀਆਂ ਨੇ ਇਹ ਕੰਮ ਕੀਤਾ ਪਰ ਪਿੱਛੋਂ ਜਦੋਂ ਫੌਜ ਨੇ ਇਹ ਵੇਖਿਆ ਕਿ ਇਹ ਸਾਰਾ ਕੁਝ ਲੈ ਜਾਣਗੇ ਤੀਜੇ ਦਿਨ ਫੌਜ ਵੀ ਪੈਸਾ ਸੋਨਾ ਅਤੇ ਸਾਮਾਨ 'ਕੱਠਾ ਕਰਨ ਵਿੱਚ ਜੁਟ ਗਈ। ਕਈ ਹਿਰਦੇਵੇਧਕ ਘਟਨਾਵਾਂ ਇਨ੍ਹਾਂ ਦੇ ਸਾਹਮਣੇ ਵਾਪਰੀਆਂ ਕਿ ਕਿਵੇਂ ਫੌਜੀ ਲਾਸ਼ਾਂ ਅਤੇ ਜ਼ਖਮੀਆਂ ਨੂੰ ਗਾਲਾਂ ਕੱਢ ਰਹੇ ਸਨ। ਇਕ ਬੀਬੀ ਦੀ ਲਾਸ਼ ਉਤੇ ਇਕ ਬੱਚਾ ਜੋ ਮਰ ਚੁੱਕਾ ਸੀ ਜਦੋਂ ਫੌਜੀਆਂ ਨੇ ਰਾਹ ਪੱਧਰਾ ਕਰਨ ਲਈ ਇਕ ਪਾਸੇ ਕੀਤੀ ਤਾਂ ਬੱਚਾ ਰੁੜ੍ਹ ਕੇ ਥੱਲੇ ਫਰਸ਼ ਉਥੇ ਆ ਡਿੱਗਾ। (ਚਲਦਾ)






ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡੇਧਾਰ ਹੋਇ ਜਨਮ ਸੁਹੇਲਾ॥

# ਅੰਮ੍ਰਿਤ ਸੰਚਾਰ

8 ਜੂਨ 2024, ਸ਼ਨਿੱਚਰਵਾਰ 12:00
ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ

ਅੰਮ੍ਰਿਤ ਅਭਿਲਾਖੀ 11:00 ਵਜੇ
ਪੁਹੰਚਣ ਕਿਰਪਾਲਤਾ ਕਰਨ ਜੀ

ਪੰਜ ਪਿਆਰੇ ਸਾਹਿਬਾਨ
ਯੂ. ਕੇ. ਤੋਂ ਪਹੁੰਚ ਰਹੇ ਹਨ

ਗੁਰਦੁਆਰਾ ਸਾਹਿਬ ਵੱਲੋਂ
ਕੱਕਾਰ ਭੇਟਾਂ ਰਹਿਤ ਮਿਲਣਗੇ

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਅੰਮ੍ਰਿਤ ਦੇ ਅਭਿਲਾਖੀ ਸਮੇਂ ਸਿਰ ਪੁਹੰਚ ਕੇ ਅੰਮ੍ਰਿਤਧਾਰੀ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।


Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"

On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।


ਆਵਾਜ਼ਿ ਕੌਮ AWAZE QAUM WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।


Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN PURE AND NATURAL

Enjoy Real Taste of PUNJAB

FULLY A.C. HALL

# Khehra VAISHNO DHABA

BREAKFAST LUNCH DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

ਮੁਕਤਾ · ਾ ਕੰਨਾ · ਿ ਸਿਹਾਰੀ · ੀ ਬਿਹਾਰੀ

ੁ ਔਂਕੜ · ੂ ਦੁਲੈਂਕੜ · ੇ ਲਾਂ · ੈ ਦੁਲਾਵਾਂ

ੋ ਹੋੜਾ · ੌ ਕਨੌੜਾ · ੰ ਟਿੱਪੀ · ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਅੰਮ੍ਰਿਤ ਛਕੋ ਸ਼੍ਰੀ ਅਕਾਲ ਸਹਾਇ ਸਿੰਘ ਸਜੋ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਗੁਰਮਤਿ ਸਿਖਲਾਈ ਕੈਂਪ- 2024

## ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ

ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ

ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ

ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।

**ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।**

ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)



ਅੰਮ੍ਰਿਤ ਛਕੋ ਸ਼੍ਰੀ ਅਕਾਲ ਸਹਾਇ ਸਿੰਘ ਸਜੋ

ਗੁਰਮਤਿ ਸਿੱਖ ਕੇ ਅਸੀਂ ਸਿਖਾਉਣੀ ਅੰਮ੍ਰਿਤਧਾਰੀ ਕੌਮ ਬਣਾਉਣੀ ਕਰਨਾ ਸਿੱਖੀ ਦਾ ਪ੍ਰਚਾਰ ਸਾਰੀ ਦੁਨੀਆਂ ਦੇ ਵਿਚਕਾਰ

ਸ਼੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਅੰਬਾਲਾ ਜਿਲੇ ਦੀ ਸਮੁੱਚੀ ਸਿੱਖ ਸੰਗਤ ਦੇ ਸਹਿਯੋਗ ਸਦਕਾ

8ਵੀਂ ਜਮਾਤ ਤੋਂ 12ਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਸਿੱਖੀ ਤੇ ਮਾਣ ਮਹਿਸੂਸ ਕਰਵਾਉਣ ਦੇ ਯਤਨ ਵਜੋਂ

# ਦੂਸਰਾ ਬਾਲਾ ਪ੍ਰੀਤਮ ਗੁਰਮਤਿ ਸਿਖਲਾਈ ਕੈਂਪ

ਸਥਾਨ – ਗੁਰਦੁਆਰਾ ਪੰਜੋਖਰਾ ਸਾਹਿਬ, ਪਾ: ੮ਵੀਂ ਅੰਬਾਲਾ ਹਰਿਆਣਾ

ਮਿਤੀ – 12 ਜੂਨ 2024 ਤੋਂ 15 ਜੂਨ 2024 ਤੱਕ, ਸਮਾਂ – ਸਵੇਰੇ 09:00 ਵਜੇ ਤੋਂ ਦੁਪਹਿਰ 02:00 ਵਜੇ ਤੱਕ

**ਗੁਰਮਤਿ ਕੈਂਪ ਦੇ ਅਖੀਰਲੇ ਦਿਨ ਵਿਦਿਆਥੀਆਂ ਦਾ ਧਾਰਮਿਕ ਪੇਪਰ ਵੀ ਲਿਆ ਜਾਵੇਗਾ।**

ਜਾਣਕਾਰੀ ਲਈ ਸੰਪਰਕ – ਮੈਨੇਜਰ ਗੁ: ਪੰਜੋਖਰਾ ਸਾਹਿਬ ਅੰਬਾਲਾ (9991037375) , ਹੈਡ ਗ੍ਰੰਥੀ ਬਾਬਾ ਬੂਟਾ ਸਿੰਘ ਜੀ (9728333218), ਪ੍ਰਚਾਰਕ ਮਨਪ੍ਰੀਤ ਸਿੰਘ ਜਨਸੂਆ (8221858675)

ਸਵਾਲ ਜਬਾਬ ਮੁਕਾਬਲਾ
ਕਵਿਤਾ ਲੈਕਚਰ ਮੁਕਾਬਲਾ
ਦਸ ਗੁਰੂ ਸਾਹਿਬਾਨਾਂ ਦਾ ਜੀਵਨ ਬਿਓਰਾ

ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਲਈ ਰੈਫਰੇਸ਼ਮੈਂਟ ਅਤੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।

- ਬੱਚਿਆਂ ਨੂੰ ਲਿਆਉਣ ਲਈ ਬੱਸਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।
- ਕੈਂਪ ਦੀ ਰਜਿਸਟਰੇਸ਼ਨ 10 ਜੂਨ ਤੱਕ ਹੋਵੇਗੀ।
- ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC



ਸ. ਬੀ. ਐਸ. ਅੰਬਾਲਾ
ਮੈਂਬਰ HSGMC



ਸ. ਟੀ. ਪੀ. ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ – ਸਮੂੰਹ ਮੈਂਬਰ ਸਾਹਿਬਾਨ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

ਇਹ ਗੁਰਮਤਿ ਕੈਂਪ ਗੁ० ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ ।
ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ0 ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ0 ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ0 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




## ਹਰੇਕ ਬੂਥ ਉਤੇ ਬਾਜ਼ ਵਰਗੀ ਨਜ਼ਰ ਰੱਖੀ ਵੈਬ ਕਾਸਟਿੰਗ ਕੰਟਰੋਲ ਰੂਮ ਦੇ ਵਲੰਟੀਅਰਾਂ ਨੇ - ਜਿਲ੍ਹਾ ਚੋਣ ਅਧਿਕਾਰੀ

# ਸਾਰੇ ਬੂਥਾਂ ਤੋਂ ਸਿੱਧਾ ਪ੍ਰਸਾਰਣ ਵੇਖ ਕੇ ਨਾਲੋ ਨਾਲ ਰਿਪੋਰਟ ਕਰਦੇ ਰਹੇ ਵਿਦਿਆਰਥੀ

**☛ ਜਿਲ੍ਹਾ ਚੋਣ ਅਧਿਕਾਰੀ ਨੇ ਕੀਤਾ ਸਾਰੇ ਵਲੰਟੀਅਰਾਂ ਦਾ ਸਨਮਾਨ ☛ ਜਿਲ੍ਹੇ ਵਿੱਚ ਅਮਨ ਅਤੇ ਸ਼ਾਂਤੀ ਪੂਰਵਕ ਢੰਗ ਨਾਲ ਵੋਟਾਂ ਪਾਉਣ ਤੇ ਲੋਕਾਂ ਦਾ ਕੀਤਾ ਧੰਨਵਾਦ**

**ਜੰਡਿਆਲਾ ਗੁਰੂ, 1 ਜੂਨ (ਕੁਲਵੰਤ ਸਿੰਘ ਵਿਰਦੀ)**-ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਹਰੇਕ ਬੂਥ ਉਤੇ ਨਜ਼ਰ ਰੱਖਣ ਲਈ ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਵਲੋਂ ਕਾਇਮ ਕੀਤਾ ਗਿਆ ਸੂਬੇ ਭਰ ਵਿੱਚ ਸਭ ਤੋਂ ਵੱਡਾ ਵੈਬ ਕਾਸਟਿੰਗ ਕੰਟਰੋਲ ਰੂਮ ਚੋਣਾਂ ਨੂੰ ਸੁਖਾਵੇਂ ਮਾਹੌਲ ਵਿੱਚ ਸਿਰੇ ਚਾੜ੍ਹਨ ਲਈ ਮੀਲ ਪੱਥਰ ਸਾਬਤ ਹੋਇਆ। ਹਰੇਕ ਬੂਥ ਉਤੇ ਕੈਮਰੇ ਲਗਾ ਕੇ ਉਸ ਦਾ ਸਿੱਧਾ ਪ੍ਰਸਾਰਣ ਵੇਖ ਰਹੇ ਵਲੰਟੀਅਰਾਂ ਨੇ ਜਿਸ ਵੀ ਬੂਥ ਉੱਤੇ ਕੋਈ ਸਮੱਸਿਆ ਆਈ ਉਸਦੀ ਰਿਪੋਰਟ ਤੁਰੰਤ ਚੋਣ ਅਮਲੇ ਨੂੰ ਦੇ ਕੇ ਇਸ ਦਾ ਫੌਰੀ ਹੱਲ

ਆਵਾਜ਼ਿ ਕੌਮ AWAZE QAUM
International Newspaper & WEB TV

ਕਰਵਾਇਆ। ਜਿਸ ਨਾਲ ਵੋਟਾਂ ਦਾ ਕੰਮ ਨਿਰਵਿਘਨ ਚਲਦਾ ਰਿਹਾ। ਅੱਜ ਵੋਟਾਂ ਦੀ ਸਮਾਪਤੀ ਮੌਕੇ ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਖੁਦ ਵੈਬ ਕਾਸਟਿੰਗ ਕੰਟਰੋਲ ਰੂਮ ਪਹੁੰਚੇ ਅਤੇ ਇਸ ਕੰਮ ਵਿੱਚ ਲੱਗੇ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੂੰ ਸਾਬਾਸ਼ ਦਿੰਦੇ ਹੋਏ ਸਨਮਾਨਤ ਕੀਤਾ ।ਦੱਸਣਯੋਗ ਹੈ ਕਿ ਹਰੇਕ ਬੂਥ ਤੋਂ ਕੈਮਰੇ ਲਗਾ ਕੇ ਇਸਦਾ ਸਿੱਧਾ ਪ੍ਰਸਾਰਣ ਨਗਰ ਸੁਧਾਰ ਟਰੱਸਟ ਦੇ ਕਮਿਊਨਟੀ ਹਾਲ ਵਿਚ ਕਾਇਮ ਕੀਤੇ ਵੈਬ ਕਾਸਟਿੰਗ ਕੰਟਰੋਲ ਰੂਮ ਵਿੱਚ ਸਕਰੀਨਾਂ ਉੱਤੇ ਵੇਖਿਆ ਗਿਆ। ਇਸ ਕੰਟਰੋਲ ਰੂਮ ਵਿਚ ਅੰਮ੍ਰਿਤਸਰ ਲੋਕ ਸਭਾ ਹਲਕੇ ਦੇ 1684 ਬੂਥਾਂ ਤੋਂ ਸਿੱਧਾ ਪ੍ਰਸਾਰਣ ਆਇਆ, ਜਿਸ ਨੂੰ ਅੱਗੇ 200 ਦੇ ਕਰੀਬ ਕੰਪਿਊਟਰਾਂ ਅਤੇ ਵੱਡੀਆਂ ਸਕਰੀਨਾਂ ਉੱਪਰ ਇਨਾਂ ਵਲੰਟੀਅਰਾਂ ਨੇ ਬਾਜ ਦੀ ਅੱਖ ਨਾਲ ਵੇਖਿਆ। ਜਿੱਥੇ ਵੀ ਕਿਧਰੇ ਕੋਈ ਕੁਤਾਹੀ, ਸ਼ਰਾਰਤ, ਝਗੜਾ, ਢਿੱਲ ਮੱਠ, ਵੋਟਰ ਮਸ਼ੀਨ ਦਾ ਤਕਨੀਕੀ ਨੁਕਸ




ਜਾਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਹੁੰਦੀ ਨਜ਼ਰ ਆਈ, ਉਹ ਇਨਾਂ ਵਿਦਿਆਰਥੀਆਂ ਨੇ ਚੋਣ ਅਮਲੇ ਦੇ ਧਿਆਨ ਵਿਚ ਲਿਆ ਕੇ ਨਾਲੋਂ-ਨਾਲ ਸਬੰਧਤ ਹਲਕੇ ਦੇ ਸਹਾਇਕ ਰਿਟਰਨਿੰਗ ਅਧਿਕਾਰੀ ਤੇ ਸੈਕਟਰ ਅਫਸਰ ਨੂੰ ਵੀ ਸੂਚਿਤ ਕਰਦੇ ਰਹੇ। ਜਿਸ ਨਾਲ ਵੋਟਾਂ ਦਾ ਕੰਮ ਨਿਰਵਿਘਨ ਚਲਦਾ ਰਿਹਾ। ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਜੋ ਸਾਰੇ ਬੂਥਾਂ ਤੋਂ ਸਿੱਧਾ ਪ੍ਰਸਾਰਣ ਇੰਨਾ ਵਲੰਟੀਅਰਾਂ ਦੇ ਨਾਲ ਵੇਖਦੇ ਰਹੇ ਨੇ ਵਲੰਟੀਅਰਾਂ ਨੂੰ ਸਾਬਾਸ਼ ਦਿੰਦਿਆਂ ਕਿਹਾ ਕਿ ਤੁਹਾਡੇ ਕੰਮ ਦੀ ਸਿਫਤ ਮੁੱਖ ਚੋਣ ਕਮਿਸ਼ਨ ਪੰਜਾਬ ਨੇ ਵੀ ਕੀਤੀ ਹੈ ਅਤੇ ਸਾਨੂੰ ਤੁਹਾਡੀਆਂ ਸੇਵਾਵਾਂ ਨਾਲ ਲੋਕਤੰਤਰ ਦੀ ਇਸ ਵੱਡੀ ਜਿੰਮੇਵਾਰੀ ਨੂੰ ਨਿਭਾਉਣ ਵਿੱਚ ਬੜੀ ਆਸਾਨੀ ਰਹੀ ਹੈ। ਜਿਸ ਲਈ ਮੈਂ ਬਤੌਰ ਜਿਲ੍ਹਾ ਚੋਣ ਅਧਿਕਾਰੀ ਤੁਹਾਡਾ ਧੰਨਵਾਦੀ ਹਾਂ। ਸ੍ਰੀ ਥੋਰੀ ਨੇ ਜਿਲ੍ਹੇ ਵਿੱਚ ਅਮਨ ਅਤੇ ਸਾਂਤੀ ਨਾਲ ਵੋਟਾਂ ਪਾਉਣ ਲਈ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੂਰੇ ਜਿਲ੍ਹੇ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਅਣਸੁਖਾਵੀਂ ਘਟਨਾ ਨਹੀਂ ਵਾਪਰੀ। ਇਸ ਮੌਕੇ ਆਈ ਏ ਐਸ ਅਧਿਕਾਰੀ ਸ੍ਰੀਮਤੀ ਸੋਨਮ, ਜਿਲ੍ਹਾ ਤਕਨੀਕੀ ਕੁਆਰਡੀਨੇਟਰ ਸ੍ਰੀ ਪ੍ਰਿੰਸ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

### ਹਰਪ੍ਰੀਤ ਸਿੰਘ ਪੋਪਲੀ ਬਣੇ

# ਕੈਨੇਡਾ ਵਿੱਚ ਪਹਿਲੇ 'ਦਸਤਾਰਧਾਰੀ ਸਿੱਖ ਜੱਜ'



**ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ)**:-ਵਿਭਿੰਨਤਾ ਅਤੇ ਪ੍ਰਤੀਨਿਧਤਾ ਲਈ ਇੱਕ ਇਤਿਹਾਸਕ ਪ੍ਰਾਪਤੀ ਵਿੱਚ, ਹਰਪ੍ਰੀਤ ਸਿੰਘ ਪੋਪਲੀ ਨੂੰ ਬ੍ਰਿਟਿਸ਼ ਕੋਲੰਬੀਆ, ਕੈਨੇਡਾ ਦੇ ਸੂਬੇ ਵਿੱਚ ਰੋਡਸੇਫ ਬੀਸੀ ਲਈ ਇੱਕ ਨਿਰਣਾਇਕ (ਜੱਜ) ਵਜੋਂ ਨਿਯੁਕਤ ਕੀਤਾ ਗਿਆ ਹੈ। ਖਾਸ ਤੌਰ 'ਤੇ, ਸਰਦਾਰ ਪੋਪਲੀ ਦੀ ਨਿਯੁਕਤੀ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ ਕਿਉਂਕਿ ਉਹ ਸੂਬੇ ਵਿੱਚ ਅਜਿਹਾ ਵੱਕਾਰੀ ਅਹੁਦਾ ਸੰਭਾਲਣ ਵਾਲੇ ਪਹਿਲੇ ਦਸਤਾਰਧਾਰੀ ਸਿੱਖ ਬਣ ਗਏ ਹਨ ।ਹਰਪ੍ਰੀਤ ਦੀ ਇਸ ਮਾਣਮੱਤੀ ਸਥਿਤੀ ਤੱਕ ਦੀ ਯਾਤਰਾ ਉਸ ਦੇ ਅਟੁੱਟ ਸਮਰਪਣ ਅਤੇ ਸ਼ਾਨਦਾਰ ਪ੍ਰਾਪਤੀਆਂ ਦਾ ਪ੍ਰਮਾਣ ਹੈ। 2004 ਵਿੱਚ ਦਿੱਲੀ ਯੂਨੀਵਰਸਿਟੀ ਦੀ ਵੱਕਾਰੀ ਫੈਕਲਟੀ ਆਫ਼ ਲਾਅ ਤੋਂ ਗ੍ਰੈਜੂਏਟ ਹੋ ਕੇ, ਉਸਨੇ 19 ਸਾਲਾਂ ਤੋਂ ਵੱਧ ਦੇ ਇੱਕ ਵਿਲੱਖਣ ਕਾਨੂੰਨੀ ਕਰੀਅਰ ਦੀ ਸ਼ੁਰੂਆਤ ਕੀਤੀ। ਕਾਨੂੰਨੀ ਪੇਸ਼ੇ ਵਿੱਚ ਉਸਦੀ ਮੁਹਾਰਤ ਅਤੇ ਮੁਹਾਰਤ ਨੇ ਉਸਨੂੰ ਦਿੱਲੀ ਹਾਈ ਕੋਰਟ ਵਿੱਚ ਦਿੱਲੀ ਸਰਕਾਰ ਲਈ ਪੈਨਲ ਵਕੀਲ ਦੇ ਨਾਲ-ਨਾਲ ਵਧੀਕ ਸਰਕਾਰੀ ਵਕੀਲ ਦੀ ਭੂਮਿਕਾ ਵੀ ਪ੍ਰਾਪਤ ਕੀਤੀ, ਜਿੱਥੇ ਉਸਨੇ ਅਹਿਮ ਕੇਸਾਂ ਵਿੱਚ ਦਿੱਲੀ ਪੁਲਿਸ ਦੀ ਨੁਮਾਇੰਦਗੀ ਕੀਤੀ। ਫਰਵਰੀ 2023 ਵਿੱਚ, ਹਰਪ੍ਰੀਤ ਨੇ ਨਵੇਂ ਮੌਕਿਆਂ ਅਤੇ ਚੁਣੌਤੀਆਂ ਦੀ ਭਾਲ ਵਿੱਚ ਕੈਨੇਡਾ ਆਵਾਸ ਕਰਨ ਦਾ ਜੀਵਨ ਬਦਲਣ ਵਾਲਾ ਫੈਸਲਾ ਲਿਆ। ਉਸਦੇ ਆਉਣ 'ਤੇ, ਉਸਨੇ ਆਪਣੇ ਗੋਦ ਲਏ ਵਤਨ ਵਿੱਚ ਕਾਨੂੰਨ ਲਈ ਆਪਣੇ ਜਨੂੰਨ ਦਾ ਪਿੱਛਾ ਕਰਨ ਵਿੱਚ ਕੋਈ ਸਮਾਂ ਬਰਬਾਦ ਨਹੀਂ ਕੀਤਾ। ਦ੍ਰਿੜ ਇਰਾਦੇ ਅਤੇ ਲਗਨ ਨਾਲ, ਉਸਨੇ ਸਿਰਫ ਦੋ ਮਹੀਨਿਆਂ ਦੇ ਰਿਕਾਰਡ ਸਮੇਂ ਵਿੱਚ ਨੈਸ਼ਨਲ ਕਮੇਟੀ ਆਫ ਐਕਰੀਡੇਸ਼ਨ ਦੁਆਰਾ ਕੈਨੇਡੀਅਨ ਲਾਅ ਸਮਾਨਤਾ ਪ੍ਰਕਿਰਿਆ ਨੂੰ ਪੂਰਾ ਕੀਤਾ।

ਅਕਤੂਬਰ 2023 ਵਿੱਚ, ਹਰਪ੍ਰੀਤ ਦੀ ਬੇਮਿਸਾਲ ਪ੍ਰਤਿਭਾ ਨੇ ਅਟਾਰਨੀ ਜਨਰਲ ਮੰਤਰਾਲੇ ਦਾ ਧਿਆਨ ਖਿੱਚਿਆ, ਜਿਸ ਨਾਲ ਉਸਦੀ ਨਿਯੁਕਤੀ ਸੰਸਥਾ ਵਿੱਚ ਇੱਕ ਮਹੱਤਵਪੂਰਣ ਭੂਮਿਕਾ ਲਈ ਹੋਈ। ਕੈਨੇਡੀਅਨ ਕਾਨੂੰਨੀ ਲੈਂਡਸਕੇਪ ਵਿੱਚ ਉਸਦਾ ਤੇਜ਼ੀ ਨਾਲ ਏਕੀਕਰਨ ਅਤੇ ਉੱਤਮਤਾ ਪ੍ਰਤੀ ਉਸਦੀ ਵਚਨਬੱਧਤਾ ਨੇ ਉਸਨੂੰ ਆਪਣੇ ਸਾਥੀਆਂ ਵਿੱਚ ਜਲਦੀ ਹੀ ਮਾਨਤਾ ਅਤੇ ਸਤਿਕਾਰ ਪ੍ਰਾਪਤ ਕੀਤਾ।

ਰੋਡਸੇਫ ਬੀਸੀ ਲਈ ਨਿਰਣਾਇਕ ਵਜੋਂ ਹਰਪ੍ਰੀਤ ਦੀ ਨਿਯੁਕਤੀ ਨਾ ਸਿਰਫ਼ ਇੱਕ ਨਿੱਜੀ ਜਿੱਤ ਹੈ, ਸਗੋਂ ਸਿੱਖ ਭਾਈਚਾਰੇ ਅਤੇ ਸਮੁੱਚੇ ਤੌਰ 'ਤੇ ਕਾਨੂੰਨੀ ਪੇਸ਼ੇ ਲਈ ਇੱਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਦੀ ਨਿਯੁਕਤੀ ਪ੍ਰਸ਼ਾਸਨਿਕ ਨਿਆਂ ਪ੍ਰਣਾਲੀ ਵਿੱਚ ਵਿਭਿੰਨਤਾ ਅਤੇ ਪ੍ਰਤੀਨਿਧਤਾ ਲਈ ਵੀ ਇੱਕ ਮਹੱਤਵਪੂਰਨ ਕਦਮ ਹੈ। ਇਹ ਸ਼ਮੂਲੀਅਤ ਅਤੇ ਬਰਾਬਰ ਮੌਕੇ ਦਾ ਇੱਕ ਸ਼ਕਤੀਸ਼ਾਲੀ ਸੰਦੇਸ਼ ਭੇਜਦਾ ਹੈ, ਜੋ ਕਿ ਵਿਭਿੰਨ ਪਿਛੋਕੜ ਵਾਲੇ ਵਿਅਕਤੀਆਂ ਨੂੰ ਗਲੇ ਲਗਾਉਣ ਲਈ ਕੈਨੇਡਾ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਕੈਨੇਡਾ ਦੇ ਬੀਸੀ ਵਿੱਚ ਪਹਿਲੇ ਦਸਤਾਰਧਾਰੀ ਸਿੱਖ ਨਿਰਣਾਇਕ ਵਜੋਂ, ਹਰਪ੍ਰੀਤ ਦੀ ਪ੍ਰਾਪਤੀ ਚਾਹਵਾਨ ਕਾਨੂੰਨੀ ਪੇਸ਼ੇਵਰਾਂ ਲਈ ਇੱਕ ਪ੍ਰੇਰਨਾ ਦੇ ਰੂਪ ਵਿੱਚ ਕੰਮ ਕਰਦੀ ਹੈ ਅਤੇ ਰੁਕਾਵਟਾਂ ਨੂੰ ਤੋੜਨ ਅਤੇ ਇੱਕ ਵਧੇਰੇ ਸਮਾਵੇਸ਼ੀ ਸਮਾਜ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ ਨੂੰ ਰੇਖਾਂਕਿਤ ਕਰਦੀ ਹੈ। ਜਿਵੇਂ ਹੀ ਹਰਪ੍ਰੀਤ ਆਪਣੀ ਨਵੀਂ ਭੂਮਿਕਾ ਨਿਭਾਉਂਦਾ ਹੈ, ਉਹ ਆਪਣੇ ਨਾਲ ਬਹੁਤ ਸਾਰਾ ਤਜ਼ਰਬਾ, ਮੁਹਾਰਤ ਅਤੇ ਨਿਆਂ ਅਤੇ ਨਿਰਪੱਖਤਾ ਨੂੰ ਕਾਇਮ ਰੱਖਣ ਲਈ ਵਚਨਬੱਧਤਾ ਰੱਖਦਾ ਹੈ। ਉਸਦੀ ਨਿਯੁਕਤੀ ਇੱਕ ਇਤਿਹਾਸਕ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ ਅਤੇ ਬ੍ਰਿਟਿਸ਼ ਕੋਲੰਬੀਆ ਦੀ ਪ੍ਰਸ਼ਾਸਨਿਕ ਨਿਆਂ ਪ੍ਰਣਾਲੀ ਵਿੱਚ ਸ਼ਮੂਲੀਅਤ ਅਤੇ ਨੁਮਾਇੰਦਗੀ ਲਈ ਇੱਕ ਮਿਸਾਲ ਕਾਇਮ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਇਸ ਵਾਰ ਵੋਟਾਂ ਪਵਾਉਣ ਦੇ ਨਾਲ -ਨਾਲ ਵਾਤਾਵਰਨ ਸੰਭਾਲ ਦਾ ਵੀ ਸੱਦਾ ਦਿੱਤਾ ਜਿਲ੍ਹਾ ਪ੍ਰਸ਼ਾਸਨ ਨੇ

# ਬੂਟੇ, ਕਪੜਿਆਂ ਤੋਂ ਬਣੇ ਬੈਗ ਵੰਡੇ ਅਤੇ ਤਕਨੀਕੀ ਸਿੱਖਿਆ ਖੇਤਰ ਦੀਆਂ ਸੰਭਾਵਨਾਵਾਂ ਬਾਰੇ ਵੀ ਦਿੱਤਾ ਗਿਆਨ




**ਜੰਡਿਆਲਾ ਗੁਰੂ, 1 ਜੂਨ ( ਕੁਲਵੰਤ ਸਿੰਘ ਵਿਰਦੀ)**-ਇਸ ਵਾਰ ਜਿਲ੍ਹਾ ਪ੍ਰਸਾਸ਼ਨ ਨੇ ਵੋਟਰਾਂ ਦੀਆਂ ਵੋਟ ਪਵਾਉਣ ਦੇ ਨਾਲ-ਨਾਲ ਜਿਲ੍ਹਾ ਵਾਸੀਆਂ ਨੂੰ ਵਾਤਾਵਰਨ ਸੰਭਾਲ ਦਾ ਸੱਦਾ ਦੇਣ ਲਈ ਵਿਸ਼ੇਸ਼ ਉਪਰਾਲੇ ਚੋਣ ਬੂਥਾਂ ਉੱਤੇ ਕੀਤੇ। ਹਰੇਕ ਵਿਧਾਨਸਭਾ ਹਲਕੇ ਵਿੱਚ ਇੱਕ-ਇੱਕ ਬੂਥ ਨੂੰ ਗਰੀਨ ਬੂਥ ਐਲਾਨ ਕੇ ਉੱਥੇ ਵੋਟਰਾਂ ਨੂੰ ਘਰਾਂ ਅਤੇ ਖੇਤਾਂ ਵਿੱਚ ਲਗਾਉਣ ਲਈ ਬੂਟੇ ਵੰਡੇ ਗਏ। ਇਸ ਤੋਂ ਇਲਾਵਾ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪਲਾਸਟਿਕ ਦੇ ਲਿਫਾਫਿਆਂ ਨੂੰ ਰੋਕਣ ਲਈ ਜਨਤਾ ਦਾ ਸਾਥ ਲੈਣ ਵਾਸਤੇ ਕਪੜੇ ਦੇ ਬਣੇ ਬੈਗ ਵੰਡੇ। ਇਸ ਮੌਕੇ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ ਵੱਡੇ ਬੈਨਰ ਵੀ ਬੂਥਾਂ ਉੱਪਰ ਲਗਾਏ ਗਏ ਅਤੇ ਲੋਕਾਂ ਨੂੰ ਇਸ ਲਈ ਜਾਗਰੂਕ ਕਰਨ ਵਾਸਤੇ ਸਾਹਿਤ ਵੀ ਵੰਡਿਆ ਗਿਆ। ਜਿਲ੍ਹਾਂ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਜਿਨ੍ਹਾਂ ਦੀ ਪ੍ਰੇਰਣਾ ਨਾਲ ਇਸ ਵਾਰ ਚੋਣ ਬੂਥਾਂ ਉੱਤੇ ਇਹ ਤਬਦੀਲੀ ਵੇਖਣ ਨੂੰ ਮਿਲੀ ਵਲੋਂ ਹਰੇਕ ਬੂਥ ਉੱਤੇ ਦਿਵਿਆਂਗ ਵੋਟਰਾਂ ਲਈ ਵੀਲ੍ਹ ਚੇਅਰ ਦੇ ਪ੍ਰਬੰਧ ਵੀ ਕੀਤੇ ਗਏ ਤਾਂ ਜੋ ਕਿਸੇ ਲੋੜਵੰਦ ਵੋਟਰ ਨੂੰ ਬੂਥ ਉੱਤੇ ਜਾਣ ਲਈ ਕੋਈ ਸਮੱਸਿਆ ਨਾ ਆਵੇ। ਇਨਾਂ ਚੇਅਰਾਂ ਨੂੰ ਵਰਤਣ ਲਈ ਹਰੇਕ ਬੂਥ ਉੱਤੇ ਸਿਖਲਾਈ ਪ੍ਰਾਪਤ ਵਲੰਟੀਅਰ ਵੀ ਮੌਜੂਦ ਰਹੇ, ਜੋ ਕਿ ਸਾਰਾ ਦਿਨ ਲੋੜਵੰਦਾਂ ਦੀ ਸਹਾਇਤਾ ਕਰਦੇ ਰਹੇ ।ਸਥਾਨਕ ਐਸ ਐਲ ਭਵਨ ਸਕੂਲ ਵਿਚ ਬਣਾਇਆ ਗਿਆ ਸੁਪਰ ਮਾਡਲ ਸਕੂਲ ਵੋਟਰਾਂ ਲਈ ਖਿੱਚ ਦਾ ਕੇਂਦਰ ਰਿਹਾ। ਇੱਥੇ ਵੋਟਰਾਂ ਦਾ ਸਵਾਗਤ ਲਈ ਢੋਲ, ਰੰਗੋਲੀ, ਚਾਹ, ਪਾਣੀ, ਲੱਸੀ ਤੋਂ ਇਲਾਵਾ ਗੋਲਗੱਪੇ, ਟਿੱਕੀ, ਚਾਟ ਵਰਗੇ ਪਕਵਾਨ ਪਰੋਸੇ ਗਏ। ਇਸ ਤੋਂ ਇਲਾਵਾ ਸ਼ਾਹੀ ਟੈਂਟ ਦੀ ਸਜਾਵਟ, ਵਧੀਆ ਉਡੀਕ ਘਰ, ਬੱਚਿਆਂ ਲਈ ਕਰੈਚ, ਕਿਤਾਬਾਂ ਦੀ ਪ੍ਰਦਰਸ਼ਨੀ, ਮਹਿਲਾ ਵੋਟਰਾਂ ਲਈ ਨੇਲ ਆਰਟ ਦਾ ਪ੍ਰਬੰਧ ਅਤੇ ਨੌਜਵਾਨ ਵੋਟਰਾਂ ਨੂੰ ਕਿੱਤਾ ਮੁਖੀ ਸਿੱਖਿਆ ਤੋਂ ਜਾਣੂੰ ਕਰਵਾਉਣ ਲਈ ਤਕਨੀਕੀ ਸਿੱਖਿਆ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਰਹੀ। ਵੋਟਰਾਂ ਨੇ ਇਨਾਂ ਪਕਵਾਨਾਂ ਅਤੇ ਸੇਵਾਵਾਂ ਦਾ ਆਨੰਦ ਲੈਂਦੇ ਹੋਏ ਵੋਟਾਂ ਪਾਈਆਂ। ਲੋਕਤੰਤਰ ਦੇ ਇਸ ਤਿਓਹਾਰ ਵਿੱਚ ਰਿਵਾਇਤ ਤੋਂ ਹਟ ਕੇ ਕੀਤੀ ਗਈ ਤਬਦੀਲੀ ਜਿਲ੍ਹਾਂ ਵਾਸੀਆਂ ਨੂੰ ਲੰਬੇ ਸਮੇਂ ਤੱਕ ਯਾਦ ਰਹੇਗੀ। ਇਸ ਮੌਕੇ 18 ਸਾਲ ਪੂਰੇ ਹੋਣ ਉਪਰੰਤ ਪਹਿਲੀ ਵਾਰ ਵੋਟ ਪਾਉਣ ਆਉਣ ਵਾਲੇ ਨੌਜਵਾਨਾਂ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

### ਦਿਵਿਆਂਗ ਵੋਟਰਾਂ ਲਈ ਹਰੇਕ ਬੂਥ ਉੱਤੇ ਵੀਲ ਚੇਅਰ ਨਾਲ ਮੌਜੂਦ ਰਹੇ ਵਲੰਟੀਅਰ

ਜਿਲ੍ਹਾ ਪ੍ਰਸਾਸ਼ਨ ਵਲੋਂ ਵੋਟ ਪਾਉਣ ਲਈ ਤਾਇਨਾਤ ਕੀਤੇ ਗਏ ਅਮਲੇ, ਸੁਰੱਖਿਆਂ ਵਿੱਚ ਲੱਗੇ ਕਰਮਚਾਰੀਆਂ ਅਤੇ ਵਲੰਟੀਅਰਾਂ ਦਾ ਵਤੀਰਾ ਵੀ ਸਲਾਹੁਣਾ ਯੋਗ ਰਿਹਾ। ਭੱਖਦੀ ਗਰਮੀ ਦੇ ਬਾਵਜੂਦ ਇਹ ਅਮਲਾ ਬੜੇ ਠਰੰਮੇ ਨਾਲ ਸੇਵਾਵਾਂ ਦਿੰਦਾ ਰਿਹਾ। ਜਿਸ ਦੀ ਤਾਰੀਫ ਸੀਨੀਅਰ ਸੀਟੀਜਨ ਅਤੇ ਪੱਤਰਕਾਰਾਂ ਨੇ ਵੀ ਕੀਤੀ। ਬੀ.ਬੀ.ਸੀ. ਦੇ ਰਿਪੋਰਟਰ ਸ: ਰਵਿੰਦਰ ਸਿੰਘ ਰੋਬਿਨ ਜਿਨ੍ਹਾਂ ਦੀ ਤਬੀਅਤ ਨਾ ਸਾਜ ਹੋਣ ਦੇ ਬਾਵਜੂਦ ਉਹ ਕਵਰੇਜ ਲਈ ਗਏ ਨੇ ਆਪਣਾ ਤਜ਼ਰਬਾ ਸਾਂਝਾ ਕਰਦੇ ਦੱਸਿਆ ਕਿ ਚੋਣ ਕਮਿਸ਼ਨ ਵਲੋਂ ਜਾਰੀ ਕੀਤੇ ਸ਼ਨਾਖਤੀ ਕਾਰਡ ਵਿਖਾਉਣ ਅਤੇ ਆਪਣੇ ਸਿਹਤ ਬਾਰੇ ਦੱਸਣ ਤੇ ਉੱਥੇ ਤਾਇਨਾਤ ਅਮਲੇ ਨੇ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ। ਪੀਣ ਲਈ ਸ਼ਰਬਤ, ਵੀਲ ਚੇਅਰ, ਛਾਂ ਅਤੇ ਪੱਖੇ ਦੀ ਹਵਾ ਨਾਲ ਵੋਟਾਂ ਪਾਉਣ ਵਾਲਿਆਂ ਦੇ ਨਾਲ ਨਾਲ ਕਵਰੇਜ ਕਰਦੇ ਪੱਤਰਕਾਰ ਵੀ ਬਿਨਾਂ ਕਿਸੇ ਤਕਲੀਫ ਤੋਂ ਆਪਣਾ ਕੰਮ ਪੂਰਾ ਕਰ ਸਕੇ। ਅਟਾਰੀ ਤੋਂ ਬਜ਼ੁਰਗ ਵੋਟਰ ਮਨਜੀਤ ਕੌਰ ਅਤੇ ਸ: ਸੁਰਜੀਤ ਸਿੰਘ ਨੇ ਦੱਸਿਆ ਕਿ ਜਦੋਂ ਉਨਾਂ ਨੇ ਆਪਣੀ ਸਰੀਰਿਕ ਅਸਮੱਰਥਾ ਤੋਂ ਬੀ.ਐਲ.ਓ. ਨੂੰ ਜਾਣੂੰ ਕਰਵਾਇਆ ਤਾਂ ਉਨਾਂ ਗੱਡੀ ਭੇਜ ਕੇ ਸਾਡੀਆਂ ਵੋਟਾਂ ਭੁਗਤਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਫਤਿਹ ਜੰਗ ਸਿੰਘ ਬਾਜਵਾ ਨੇ ਆਪਣੇ ਸਮੂਹ ਪ੍ਰੀਵਾਰ ਸਮੇਤ ਵੋਟ ਪਾਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 1 ਜੂਨ (ਕੁਲਜੀਤ ਸਿੰਘ ਖੋਖਰ)**-ਬੀ ਜੇ ਪੀ ਪੰਜਾਬ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਫਤਿਹ ਜੰਗ ਸਿੰਘ ਬਾਜਵਾ ਨੇ ਕਾਦੀਆ ਵਿਖੇ ਆਪਣੇ ਸਮੂਹ ਪ੍ਰੀਵਾਰ ਸਮੇਤ ਵੋਟ ਪਾਈ ਫਤਿਹ ਜੰਗ ਸਿੰਘ ਬਾਜਵਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਕੀਮਤੀ ਵੋਟ ਦਾ ਇਸਤੇਮਾਲ ਕਰਨਾਂ ਚਾਹੀਦਾ ਹੈ ਉਹਨਾਂ ਕਿਹਾ ਕਿ ਉਮੀਦਵਾਰ ਭਾਵੇਂ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਵੇ ਸਾਨੂੰ ਭਵਿੱਖ ਵਿੱਚ ਆਪਣੀ ਵੋਟ ਜ਼ਰੂਰ ਪਾਉਣੀ ਚਾਹੀਦੀ ਹੈ ਅਗੇ ਉਹਨਾਂ ਇਹ ਵੀ ਕਿਹਾ ਕਿ ਸਰਕਾਰਾਂ ਦੀ ਅਦਲਾ ਬਦਲੀ ਹੁੰਦੀ ਰਹਿੰਦੀ ਹੈ ਤੇ ਸਾਨੂੰ ਆਪਣੀ ਭਾਈਚਾਰਕ ਸਾਂਝ ਨੂੰ ਵੀ ਮਜ਼ਬੂਤ ਰੱਖਣਾਂ ਚਾਹੀਦਾ ਹੈ ਇਸ ਮੌਕੇ ਉਨ੍ਹਾਂ ਨਾਲ ਉਨ੍ਹਾਂ ਦਾ ਪ੍ਰੀਵਾਰ ਅਰਜਨ ਬਾਜਵਾ ਕੰਨਵਰ ਬਾਜਵਾ ਅਤੇ ਉਹਨਾਂ ਦੀ ਧਰਮ ਪਤਨੀ ਪ੍ਰੀਤ ਬਾਜਵਾ ਅਤੇ ਪੀਏ ਰਾਜਬੀਰ ਸਿੰਘ ਕੰਡੀਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਯਾਦਵਿੰਦਰ ਸਿੰਘ ਬੁੱਟਰ ਨੇ ਪ੍ਰੀਵਾਰ ਸਮੇਤ ਵੋਟ ਪਾਈ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 1 ਜੂਨ (ਕੁਲਜੀਤ ਸਿੰਘ ਖੋਖਰ)**- ਯਾਦਵਿੰਦਰ ਸਿੰਘ ਬੁੱਟਰ ਬੁਲਾਰਾ ਭਾਜਪਾ ਪੰਜਾਬ ਨੇ ਵੀ ਆਪਣੇ ਪ੍ਰੀਵਾਰ ਸਮੇਤ ਆਪਣੇ ਗ੍ਰਹਿ ਵਿਖੇ ਸਰਕਾਰੀ ਸਕੂਲ ਵਿੱਚ ਵੋਟ ਪਾਈ ਵੋਟ ਪਾਉਣ ਉਪਰੰਤ ਯਾਦਵਿੰਦਰ ਸਿੰਘ ਬੁੱਟਰ ਨੇ ਪਤਰਕਾਰਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਸਾਨੂੰ ਆਪਣੀ ਵੋਟ ਦਾ ਇਸਤੇਮਾਲ ਜਰੂਰੀ ਕਰਨਾ ਚਾਹੀਦਾ ਉਹਨਾਂ ਕਿਹਾ ਕਿ ਉਮੀਦਵਾਰ ਭਾਵੇਂ ਕਿਸੇ ਵੀ ਪਾਰਟੀ ਨਾਲ ਜੁੜਿਆ ਹੋਇਆ ਹੋਵੇ ਸਾਨੂੰ ਭਵਿੱਖ ਵਿੱਚ ਆਪਣੀ ਵੋਟ ਜ਼ਰੂਰ ਪਾਉਣੀ ਚਾਹੀਦੀ ਹੈ ਅਤੇ ਆਪਣੀ ਭਾਈਚਾਰਕ ਸਾਂਝ ਬਣਾਈ ਰੱਖਣੀ ਚਾਹੀਦੀ ਹੈ ਇਸ ਮੌਕੇ ਉਨ੍ਹਾਂ ਨਾਲ ਉਹਨਾਂ ਦਾ ਸਮੂਹ ਪ੍ਰੀਵਾਰ ਹਾਜ਼ਰ ਸੀ

ਆਵਾਜ਼ਿ ਕੌਮ AWAZE QAUM International Newspaper & WEB TV

# ਫਤਿਹ ਜੰਗ ਸਿੰਘ ਬਾਜਵਾ ਨੇ ਕਾਦੀਆਂ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 1 ਜੂਨ (ਕੁਲਜੀਤ ਸਿੰਘ ਖੋਖਰ)**-ਭਾਜਪਾ ਪੰਜਾਬ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਫਤਿਹ ਸਿੰਘ ਬਾਜਵਾ ਨੇ ਕਾਦੀਆ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਦੋਰਾ ਕੀਤਾ ਅਤੇ ਪਾਰਟੀ ਵਰਕਰਾਂ ਨੂੰ ਮਿਲ ਕੇ ਉਹਨਾਂ ਦੀ ਹੋਂਸਲਾ ਅਫਜ਼ਾਈ ਕੀਤੀ ਉਹਨਾਂ ਕਿਹਾ ਕਿ ਸਮੂਹ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਦੇ ਵੋਟਰਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ ਜਿਹਨਾਂ ਨੇ ਸਿਖ਼ਰ ਦੁਪਹਿਰ ਵਿਚ ਵੀ ਆਪਣੇ ਹੋਂਸਲੇ ਬੁਲੰਦ ਕਰਕੇ ਇਸ ਤਿਉਹਾਰ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਇਆ ਮੈਂ ਉਹਨਾਂ ਸਾਰੇ ਸਾਥੀਆਂ ਦਾ ਦੁਬਾਰਾ ਫਿਰ ਧੰਨਵਾਦ ਕਰਦਾ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

### ਦੂਰ ਦੁਰਾਡਿਓਂ ਸੰਗਤਾਂ ਦੀ ਵੱਡੀ ਆਮਦ ਨੇ ਸੰਗਤਾਂ ਦੀ ਸ਼ਰਧਾ ਅਤੇ ਉਤਸ਼ਾਹ ਦਾ ਦਿੱਤਾ ਵੱਡਾ ਸੰਕੇਤ

# ਦਮਦਮੀ ਟਕਸਾਲ ਵਿਖੇ ਸ਼ਹੀਦੀ ਸਮਾਗਮਾਂ ਦੇ ਦੂਸਰੇ ਦਿਨ ਲੱਗੀਆਂ ਭਾਰੀ ਰੌਣਕਾਂ




**ਚੌਕ ਮਹਿਤਾ, 2 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਮਨਾਏ ਜਾ ਰਹੇ, ਜੂਨ '84 ਨੂੰ ਵਾਪਰੇ ਤੀਸਰੇ ਘੱਲੂਘਾਰੇ ਦੇ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ, ਭਾਈ ਅਮਰੀਕ ਸਿੰਘ, ਬਾਬਾ ਠਾਹਰਾ ਸਿੰਘ, ਜਨਰਲ ਸ਼ੁਬੇਗ ਸਿੰਘ ਅਤੇ ਹੋਰ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਜੋੜ ਮੇਲੇ ਦੇ ਦੂਸਰੇ ਦਿਨ, ਦੂਰ ਦੁਰੇਡੇ ਦੀ ਸੰਗਤ ਦੀ ਭਾਰੀ ਆਮਦ ਨੂੰ ਦੇਖਦਿਆਂ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਪ੍ਰਤੀ ਸੰਗਤਾਂ ਦੇ ਦਿਲਾਂ ਵਿੱਚ ਕਿੰਨੀ ਸ਼ਰਧਾ ਅਤੇ ਉਤਸ਼ਾਹ ਹੈ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ 'ਚ ਸੱਜੇ ਅੱਜ ਸ਼ਾਮ ਦੇ ਦੀਵਾਨ ਦੀ ਸ਼ੁਰੂਆਤ ਦਮਦਮੀ ਟਕਸਾਲ ਦੇ ਕੀਰਤਨੀ ਜਥੇ ਨੇ ਸ਼ਬਦ ਕੀਰਤਨ ਰਾਹੀਂ ਕੀਤੀ । ਸ੍ਰੀ ਹਰਿਮੰਦਿਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਦੇ ਜਥੇ ਨੇ ਵੀ ਆਨੰਦਮਈ ਸ਼ਬਦ ਕੀਰਤਨ ਦੀ ਸੇਵਾ ਨਿਭਾਈ।ਕੀਰਤਨ ਤੋਂ ਬਾਅਦ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਗਤਾਂ ਨਾਲ ਤੀਸਰੇ ਘੱਲੂਘਾਰੇ ਦੀ ਸੰਖੇਪ ਜਾਣਕਾਰੀ ਸਾਂਝੀ ਕਰਦਿਆਂ ਲੜੀਵਾਰ ਕਥਾ ਨੂੰ ਅੱਗੇ ਤੋਰਦੇ ਹੋਏ ਗੁਰ ਪ੍ਰਤਾਪ ਸੂਰਜ ਗ੍ਰੰਥ 'ਚੋਂ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਦਿੱਲੀ ਦੇ ਬਾਦਸ਼ਾਹ ਜਹਾਂਗੀਰ ਨੂੰ ਮਿਲਣਾ ਤੇ ਉਸ ਨਾਲ ਹੋਈ ਵਾਰਤਾਲਾਪ ਦੇ ਪ੍ਰਸੰਗ ਤੋਂ ਇਲਾਵਾ ਬਾਦਸ਼ਾਹ ਨਾਲ ਜੰਗਲ ਵਿੱਚ ਜਾ ਕੇ ਛੇਵੇਂ ਪਾਤਿਸ਼ਾਹ ਵੱਲੋਂ ਸ਼ੇਰ ਦਾ ਸ਼ਿਕਾਰ ਕਰਨ ਦਾ ਪ੍ਰਸੰਗ ਬੜੇ ਭਾਵਪੂਰਤ ਢੰਗ ਨਾਲ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਨੇ ਨਿਭਾਈ। ਅੱਜ ਦੇ ਦੀਵਾਨ 'ਚ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਮੰਚ ਸੰਚਾਲਕ , ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕੇ ਵਾਲੇ,, ਬਾਬਾ ਮਲਕੀਤ ਸਿੰਘ ਜੱਬੋਵਾਲ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ,ਬਾਬਾ ਗੁਰਮੀਤ ਸਿੰਘ ਬੱਦੋਵਾਲ,ਬਾਬਾ ਮਨਮੋਹਨ ਸਿੰਘ ਭੰਗਾਲ ਆਦਿ ਹਾਜ਼ਰ ਸਨ।

### ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਨਾਮ 'ਤੇ ਬਣੇ ਮਾਰਗ ਦੇ ਮੇਨ ਗੇਟਾਂ ਨਜ਼ਦੀਕ ਖੁੱਲੇ ਸ਼ਰਾਬ ਦੇ ਠੇਕੇ ਨੇ

# ਸਿੱਖ ਹਿਰਦਿਆਂ ਨੂੰ ਪਹੁੰਚਾਈ ਠੇਸ



**ਜੰਡਿਆਲਾ ਗੁਰੂ, 2 ਮਈ ( ਕੁਲਵੰਤ ਸਿੰਘ ਵਿਰਦੀ)-** ਜਦੋਂ ਕਿਸੇ ਧਾਰਮਿਕ ਗੁਰੂ ਜਾਂ ਸੰਸਥਾ ਦਾ ਨਾਮ ਲਿਆ ਜਾਂਦਾ ਹੈ ਤਾਂ ਅਪਨੇ ਆਪ ਅੱਖਾਂ ਸਾਹਮਣੇ ਕੋਈ ਸੁੰਦਰ ਦ੍ਰਿਸ਼ ਜਾਂ ਗੁਰੂਆਂ ਦਾ ਚੇਹਰਾ ਦਿਖਾਈ ਦਿੰਦਾ ਹੈ ਪਰ ਜੰਡਿਆਲਾ ਗੁਰੂ ਜੀ ਟੀ ਰੋਡ ਤਰਨਤਾਰਨ ਬਾਈਪਾਸ ਹਵੇਲੀ ਦੇ ਸਾਹਮਣੇ ਇਸਦੇ ਉਲਟ ਇਕ ਦ੍ਰਿਸ਼ ਦੇਖਕੇ ਸਿੱਖ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚਾਈ ਜਾ ਰਹੀ ਹੈ ।ਮੌਕੇ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਜੰਡਿਆਲਾ ਗੁਰੂ ਹਵੇਲੀ ਦੇ ਸਾਹਮਣੇ ਤਰਨਤਾਰਨ ਨੂੰ ਜਾਂਦੀ ਸੜਕ ਦਾ ਨਾਮ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਮਾਰਗ ਰੱਖਿਆ ਗਿਆ ਹੈ ਅਤੇ ਨਾਲ ਹੀ ਇਕ ਸੁੰਦਰ ਗੇਟ ਬਾਈਪਾਸ ਤੇ ਬਣਿਆ ਹੋਇਆ ਹੈ ਪਰ ਅਫਸੋਸ ਇਸ ਗੇਟ ਦੇ ਨਾਲ ਹੀ ਇਕ ਵੱਡਾ ਸ਼ਰਾਬ ਦਾ ਠੇਕਾ ਬਣਿਆ ਹੋਇਆ ਹੈ । ਜਿਸ ਮਾਰਗ ਦੀ ਅਰੰਭਤਾ ਗੁਰੂ ਸਾਹਿਬ ਜੀ ਦੇ ਨਾਮ ਤੇ ਬਣੇ ਸੁੰਦਰ ਗੇਟਾਂ ਨੂੰ ਦੇਖ ਕੇ ਸਿਰ ਝੁਕਦਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਹਲਕੇ ਦੇ ਵਿਧਾਇਕ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਨੇ ਸਰਕਾਰ ਵਿੱਚ ਆਉਂਦਿਆਂ ਹੀ ਸ਼ਲਾਘਾਯੋਗ ਕੰਮ ਕੀਤਾ ਸੀ ਕਿਉਂਕਿ ਪਹਿਲਾਂ ਇਸ ਸੜਕ ਦਾ ਨਾਮ ਇੱਕ ਵਿਅਕਤੀ ਦੇ ਨਾਮ ਤੇ ਰੱਖਿਆ ਗਿਆ ਸੀ ਲੇਕਿਨ ਉਸ ਨੂੰ ਵੀ ਮੁੱਖ ਰੱਖਦਿਆਂ ਹੋਇਆਂ ਇਸ ਸੜਕ ਨੂੰ ਬਣਾਇਆ ਨਹੀਂ ਗਿਆ ਪਰ ਮੌਜੂਦਾ ਸਰਕਾਰ ਵੱਲੋਂ ਇਸ ਸੜਕ ਦਾ ਨਾਮ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਨਾਮ ਤੇ ਰੱਖ ਕਿ ਜਿੱਥੇ ਕੈਬਨਿਟ ਮੰਤਰੀ ਈ ਟੀ ਓ ਵੱਲੋਂ ਪੰਜਾਬ ਭਰ ਦੇ ਸਿੱਖਾਂ ਨੂੰ ਇੱਕ ਤੋਹਫ਼ੇ ਵਜੋਂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਮਾਰਗ ਦਿੱਤਾ ਉੱਥੇ ਦੂਜੇ ਪਾਸੇ ਗੇਟ ਦੇ ਨਾਲ ਸ਼ਰਾਬ ਦਾ ਠੇਕਾ ਹੋਣ ਕਾਰਨ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚ ਰਹੀ ਹੈ ਇਸਦਾ ਕਰੜੇ ਸ਼ਬਦਾਂ ਵਿੱਚ ਵਿਰੋਧ ਕੀਤਾ ਜਾਂਦਾ ਹੈ ਓਹਨਾਂ ਕਿਹਾ ਕਿ ਅਸੀਂ ਸ੍ਰ ਈ ਟੀ ਓ ਨੂੰ ਬੇਨਤੀ ਕਰਦੇ ਹਾਂ ਕਿ ਪੰਜਾਬ ਵਿੱਚ ਜਿੱਥੇ ਵੀ ਗੁਰੂ ਸਾਹਿਬ ਜੀ ਦੇ ਨਾਮ ਤੇ ਮਾਰਗ ਦੀ ਅਰੰਭਤਾ ਹੁੰਦੀ ਹੈ ਉਸ ਮਾਰਗ ਦੀ ਅਰੰਭਤਾ ਤੋਂ ਘੱਟ ਤੋਂ ਘੱਟ ਡੇਢ ਦੋ ਕਿਲੋਮੀਟਰ ਦੂਰੀ ਤੇ ਐਸੀਆਂ ਅਲਾਮਤਾਂ ਦੀ ਖੋਲ੍ਹਣ ਦੀ ਆਗਿਆ ਦਿੱਤੀ ਜਾਵੇ ਅਤੇ ਅਸੀਂ ਮੀਡੀਆ ਦੇ ਮਾਧੀਅਮ ਰਾਹੀਂ ਅਪੀਲ ਕਰਦੇ ਹਾਂ ਕਿ ਇਸ ਸ਼ਰਾਬ ਦੇ ਠੇਕੇ ਨੂੰ ਇਸ ਜਗ੍ਹਾ ਤੋਂ ਹਟਾਇਆ ਜਾਵੇ ਅਗਰ ਇਸ ਠੇਕੇ ਨੂੰ ਇਸ ਜਗ੍ਹਾ ਤੋਂ ਬਦਲਿਆ ਨਾ ਗਿਆ ਤਾਂ ਹੋਰ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਅਸੀਂ ਖੁਦ ਇਸ ਠੇਕੇ ਨੂੰ ਬੰਦ ਕਰਾਵਾਂਗੇ। ਅੱਗੇ ਬੀਬੀ ਬੇਅੰਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਵੈਸੇ ਇੱਕ ਵਿਧਾਨ ਸਭਾ ਵਿੱਚ ਇਕ ਬਿਲ ਪਾਸ ਕਰਨਾ ਚਾਹੀਦਾ ਹੈ ਅਤੇ ਉਸ ਨੂੰ ਲਾਗੂ ਵੀ ਕਰਨਾ ਚਾਹੀਦਾ ਹੈ ਕਿ ਜਿੰਨੇ ਵੀ ਮਾਰਗ ਗੁਰੂ ਸਾਹਿਬ ਜੀ ਦੇ ਨਾਮ ਤੇ ਹਨ ਉਨ੍ਹਾਂ ਉਪਰ ਕੋਈ ਵੀ ਸ਼ਰਾਬ ਦਾ ਠੇਕਾ ਜਾਂ ਕੋਈ ਨਸ਼ੇ ਪਦਾਰਥਾਂ ਦੀ ਦੁਕਾਨ ਨਹੀਂ ਹੋਣੀ ਚਾਹੀਦੀ ਜਿਸ ਨਾਲ ਬਾਹਰੋਂ ਆਏ ਸ਼ਰਧਾਲੂਆਂ ਚੰਗਾ ਸੁਨੇਹਾ ਮਿਲ ਸਕੇ।

**ਗੁਰੂ ਸਾਹਿਬ ਦੇ ਨਾਮ ਤੇ ਬਣਨ ਵਾਲੇ ਮਾਰਗਾਂ ਤੇ ਐਸੀਆਂ ਦੁਕਾਨਾਂ ਤੇ ਪੂਰਨ ਪਾਬੰਦੀ ਲਗਾਈ ਜਾਵੇ ਸਤਿਕਾਰ ਕਮੇਟੀ ਪੰਜਾਬ**


# ਕੇਜਰੀਵਾਲ ਨੇ ਅੰਤ੍ਰਿਮ ਜ਼ਮਾਨਤ ਦੀ ਮਿਆਦ ਖਤਮ ਹੋਣ 'ਤੇ ਤਿਹਾੜ ਜੇਲ੍ਹ 'ਚ ਕੀਤਾ ਆਤਮ ਸਮਰਪਣ



**ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਦੇ ਮੁੱਖਮੰਤਰੀ ਅਤੇ ਆਪ ਪਾਰਟੀ ਦੇ ਮੁੱਖੀ ਅਰਵਿੰਦ ਕੇਜਰੀਵਾਲ, ਜਿਸ ਨੂੰ ਸੁਪਰੀਮ ਕੋਰਟ ਨੇ 10 ਮਈ ਨੂੰ ਅੰਤਰਿਮ ਜ਼ਮਾਨਤ ਦਿੱਤੀ ਸੀ, ਨੇ ਸ਼ਨੀਵਾਰ ਨੂੰ ਲੋਕ ਸਭਾ ਚੋਣਾਂ ਲਈ ਵੋਟਿੰਗ ਖਤਮ ਹੋਣ ਤੋਂ ਇਕ ਦਿਨ ਬਾਅਦ ਤਿਹਾੜ ਜੇਲ੍ਹ ਅੰਦਰ ਆਤਮ ਸਮਰਪਣ ਕਰ ਦਿੱਤਾ।ਹੁਣ ਰੱਦ ਕੀਤੀ ਗਈ ਦਿੱਲੀ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਨੂੰ ਲੈ ਕੇ ਚੱਲ ਰਹੀਆਂ ਕਾਨੂੰਨੀ ਲੜਾਈਆਂ ਦੌਰਾਨ 'ਆਪ' ਸੁਪਰੀਮੋ ਨੂੰ ਚੋਣਾਂ ਵਿੱਚ ਪ੍ਰਚਾਰ ਕਰਨ ਦੀ ਆਗਿਆ ਦੇਣ ਲਈ ਜ਼ਮਾਨਤ ਦਿੱਤੀ ਗਈ ਸੀ। ਤਿਹਾੜ ਜੇਲ੍ਹ ਵਿੱਚ ਆਤਮ ਸਮਰਪਣ ਕਰਨ ਤੋਂ ਪਹਿਲਾਂ, ਅਰਵਿੰਦ ਕੇਜਰੀਵਾਲ ਨੇ ਰਾਜ ਘਾਟ ਵਿਖੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ, ਹਨੂੰਮਾਨ ਮੰਦਰ ਵਿੱਚ ਪੂਜਾ ਕੀਤੀ ਅਤੇ ਦਿੱਲੀ ਵਿੱਚ 'ਆਪ' ਹੈੱਡਕੁਆਰਟਰ ਵਿੱਚ ਪਾਰਟੀ ਵਰਕਰਾਂ ਨੂੰ ਸੰਬੋਧਨ ਕੀਤਾ। ਕੇਜਰੀਵਾਲ ਨੇ ਕਿਹਾ, 'ਭਗਤ ਸਿੰਘ ਨੇ ਕਿਹਾ ਸੀ ਕਿ ਜਦੋਂ ਸੱਤਾ ਤਾਨਾਸ਼ਾਹੀ ਬਣ ਜਾਂਦੀ ਹੈ ਤਾਂ ਜੇਲ੍ਹ ਜ਼ਿੰਮੇਵਾਰੀ ਬਣ ਜਾਂਦੀ ਹੈ। ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਭਗਤ ਸਿੰਘ ਨੂੰ ਫਾਂਸੀ ਦਿੱਤੀ ਗਈ ਸੀ। ਮੈਂ ਫਿਰ ਜੇਲ੍ਹ ਜਾ ਰਿਹਾ ਹਾਂ। ਮੈਨੂੰ ਨਹੀਂ ਪਤਾ ਕਿ ਮੈਂ ਕਦੋਂ ਵਾਪਸ ਆਵਾਂਗਾ। ਜੇਕਰ ਭਗਤ ਸਿੰਘ ਨੂੰ ਫਾਂਸੀ ਹੁੰਦੀ ਹੈ ਤਾਂ ਮੈਂ ਵੀ ਫਾਂਸੀ ਲਈ ਤਿਆਰ ਹਾਂ। ਕੇਜਰੀਵਾਲ ਨੇ ਕਿਹਾ, 'ਸੁਪਰੀਮ ਕੋਰਟ ਨੇ ਮੈਨੂੰ ਚੋਣ ਪ੍ਰਚਾਰ ਲਈ 21 ਦਿਨਾਂ ਦੀ ਜ਼ਮਾਨਤ ਦਿੱਤੀ ਹੈ।ਮੈਂ ਇਸ ਲਈ ਸੁਪਰੀਮ ਕੋਰਟ ਦਾ ਧੰਨਵਾਦ ਕਰਨਾ ਚਾਹੁੰਦਾ ਹਾਂ। ਅੱਜ ਮੈਂ ਫਿਰ ਤਿਹਾੜ ਜੇਲ੍ਹ ਜਾ ਰਿਹਾ ਹਾਂ। ਮੈਂ ਇਨ੍ਹਾਂ 21 ਦਿਨਾਂ ਵਿੱਚ ਇੱਕ ਮਿੰਟ ਵੀ ਬਰਬਾਦ ਨਹੀਂ ਕੀਤਾ। ਮੈਂ ਸਿਰਫ਼ ਪ੍ਰਚਾਰ ਨਹੀਂ ਕੀਤਾ।" ਉਨ੍ਹਾਂ ਕਿਹਾ, 'ਆਪ' ਮੇਰੇ ਲਈ ਮਹੱਤਵਪੂਰਨ ਨਹੀਂ ਹੈ, ਸਾਡੇ ਲਈ ਦੇਸ਼ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਮੈਂ ਜੇਲ੍ਹ ਇਸ ਲਈ ਜਾ ਰਿਹਾ ਹਾਂ ਕਿਉਂਕਿ ਮੈਂ ਇਕ ਤਾਨਾਸ਼ਾਹ ਵਿਰੁੱਧ ਆਵਾਜ਼ ਚੁੱਕੀ ਹੈ ।

# ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਤੀਜੀ ਵਾਰ ਲੋਕ ਫ਼ਤਵੇ ਨਾਲ - ਪ੍ਰੋ. ਸਰਚਾਂਦ ਸਿੰਘ

### ☛ ਐਗਜ਼ਿਟ ਪੋਲ ਦਾ ਬਾਈਕਾਟ ਕਰਕੇ ਰਾਹੁਲ ਗਾਂਧੀ ਨੇ ਕਬੂਲ ਕੀਤੀ ਹਾਰ ☛ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਜਿੱਤਣਗੇ





**ਅੰਮ੍ਰਿਤਸਰ, 2 ਜੂਨ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਭਾਜਪਾ ਦੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ ਬਹੁਮਤ ਤੋਂ ਵੱਧ ਸੀਟਾਂ ਮਿਲਣ ਦੀ ਸੰਭਾਵਨਾ ਸਬੰਧੀ ਵੱਖ-ਵੱਖ ਐਗਜ਼ਿਟ ਪੋਲਾਂ ਦੀਆਂ ਭਵਿੱਖਬਾਣੀਆਂ ਦਾ ਸੁਆਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਚੋਣ ਸਰਵੇਖਣ ਤੋਂ ਸਪਸ਼ਟ ਹੈ ਕਿ ਦੇਸ਼ ਦੀ ਜਨਤਾ ਨੇ ਭਾਜਪਾ ਦੀ ਅਗਵਾਈ ਵਿਚ ਹੋਏ ਵਿਕਾਸ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹੱਕ ਵਿਚ ਫ਼ਤਵਾ ਦਿੱਤਾ ਹੈ।

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਇਹ ਐਗਜ਼ਿਟ ਪੋਲ ਭਵਿੱਖਬਾਣੀਆਂ ਦਰਸਾਉਂਦੀਆਂ ਹਨ ਕਿ ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਭਾਰੀ ਬਹੁਮਤ ਨਾਲ ਵਾਪਸੀ ਕਰੇਗੀ ਹੈ। ਦੇਸ਼ ਵਿੱਚ ਲਗਾਤਾਰ ਤੀਜੀ ਵਾਰ ਭਾਜਪਾ ਦੀ ਸਰਕਾਰ ਬਣਨ ਨਾਲ ਦੇਸ਼ ਨਾ ਸਿਰਫ਼ ਮਜ਼ਬੂਤ ਹੋਵੇਗਾ ਸਗੋਂ ਭਾਰਤ ਵਿਸ਼ਵ ਦੀ ਤੀਜੀ ਮਹਾਂਸ਼ਕਤੀ ਬਣਨ ਵੱਲ ਵਧੇਗਾ।

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਰਾਹੁਲ ਗਾਂਧੀ ਚੋਣ ਨਤੀਜਿਆਂ ਦੀਆਂ ਭਵਿੱਖਬਾਣੀਆਂ ਤੋਂ ਇੰਨੇ ਨਿਰਾਸ਼ ਹੋ ਗਏ ਹਨ ਕਿ ਉਨ੍ਹਾਂ ਨੇ ਆਪਣੀ ਪਾਰਟੀ ਦੇ ਆਗੂਆਂ ਨੂੰ ਐਗਜ਼ਿਟ ਪੋਲ ਵਿਚ ਹਿੱਸਾ ਨਾ ਲੈਣ ਦੇ ਹੁਕਮ ਵੀ ਦੇ ਦਿੱਤੇ ਹਨ। ਜਿਸ ਤੋਂ ਸਾਫ਼ ਹੋ ਗਿਆ ਹੈ ਕਿ ਰਾਹੁਲ ਗਾਂਧੀ ਨੇ ਹਾਰ ਮੰਨ ਲਈ ਹੈ।

ਪ੍ਰੋ: ਖਿਆਲਾ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ 13 ਸੀਟਾਂ ਦੇ ਨਤੀਜੇ ਵੀ ਹੈਰਾਨ ਕਰਨ ਵਾਲੇ ਹੋਣਗੇ। ਪੰਜਾਬ ਦੀਆਂ 13 ਸੀਟਾਂ ਦੇ ਨਤੀਜੇ 2027 ਵਿੱਚ ਭਾਜਪਾ ਲਈ ਰਾਹ ਪੱਧਰਾ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਇਸ ਸੀਟ ਤੋਂ ਜਿੱਤਣਗੇ। ਉਨ੍ਹਾਂ ਕਿਹਾ ਕਿ ਸੰਧੂ ਸਮੁੰਦਰੀ ਅਮਰੀਕਾ ਵਿੱਚ ਭਾਰਤੀ ਰਾਜਦੂਤ ਰਹਿ ਚੁੱਕੇ ਹਨ ਅਤੇ ਅਮਰੀਕਾ ਦੇ ਮਾਮਲਿਆਂ ਵਿੱਚ ਸਭ ਤੋਂ ਤਜਰਬੇਕਾਰ ਭਾਰਤੀ ਡਿਪਲੋਮੈਟਾਂ ਵਿੱਚੋਂ ਇੱਕ ਹਨ। ਜੋ ਇਸ ਤੋਂ ਪਹਿਲਾਂ ਦੋ ਵਾਰ ਵਾਸ਼ਿੰਗਟਨ ਡੀਸੀ ਵਿੱਚ ਭਾਰਤੀ ਮਿਸ਼ਨ ਵਿੱਚ ਸੇਵਾ ਨਿਭਾਅ ਚੁੱਕੇ ਹਨ। ਇਸ ਦੌਰਾਨ ਸੰਧੂ ਸਮੁੰਦਰੀ ਨੇ ਆਪਣੇ ਹੁਨਰ ਦਾ ਲੋਹਾ ਮਨਵਾਇਆ ਹੈ। ਅੰਮ੍ਰਿਤਸਰ ਦੇ ਲੋਕਾਂ ਨੇ ਸੰਧੂ ਦੇ ਜਿਨ ਨੂੰ ਮੁੱਖ ਰੱਖਦਿਆਂ ਭਾਜਪਾ ਦਾ ਸਮਰਥਨ ਕੀਤਾ ਹੈ ਅਤੇ ਪਾਰਟੀ ਉਮੀਦਵਾਰ ਸੰਧੂ ਹੀ ਇੱਥੋਂ ਜਿੱਤਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਅੰਮ੍ਰਿਤਸਰ ਵਿੱਚ ਪਹਿਲੀ ਵਾਰ ਭਾਜਪਾ ਆਪਣੇ ਦਮ 'ਤੇ ਚੋਣ ਮੈਦਾਨ ਵਿੱਚ ਉਤਰੀ ਹੈ। ਉਧਰ, ਚੋਣ ਪ੍ਰਚਾਰ ਦੌਰਾਨ ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੂੰ ਅੰਮ੍ਰਿਤਸਰ ਵਾਸੀਆਂ ਦਾ ਭਾਰੀ ਸਮਰਥਨ ਮਿਲਿਆ ਹੈ। ਅੰਮ੍ਰਿਤਸਰ ਦੇ ਵਿਕਾਸ ਅਤੇ ਤਰੱਕੀ ਲਈ ਵੋਟਰਾਂ ਨੇ ਭਾਜਪਾ 'ਤੇ ਭਰੋਸਾ ਕੀਤਾ। ਲੋਕਾਂ ਨੇ ਮਹਿਸੂਸ ਕੀਤਾ ਹੈ ਕਿ ਸੰਧੂ ਸਮੁੰਦਰੀ ਵਿਚ ਅੰਮ੍ਰਿਤਸਰ ਦੀ ਕਾਇਆ ਕਲਪ ਕਰਨ ਅਤੇ ਸ਼ਹਿਰ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਦੀ ਸਮਰੱਥਾ ਹੈ। ਇੱਥੋਂ ਦੇ ਲੋਕਾਂ ਨੂੰ ਉਸ ਦੇ ਤਜ਼ਰਬੇ ਅਤੇ ਅਗਵਾਈ ਅਤੇ ਵਿਦੇਸ਼ਾਂ ਨਾਲ ਚੰਗੇ ਸੰਪਰਕਾਂ ਦਾ ਲਾਭ ਮਿਲੇਗਾ। ਸੰਧੂ ਸਮੁੰਦਰੀ ਵੱਲੋਂ ਅੰਮ੍ਰਿਤਸਰ ਦੇ ਵਿਕਾਸ ਅਤੇ ਨਸ਼ੇ ਦੇ ਖਾਤਮੇ ਲਈ ਦਿੱਤੇ ਗਏ ਵਿਜ਼ਨ ਅਤੇ ਰੋਡ ਮੈਪ ਤੋਂ ਲੋਕ ਪ੍ਰਭਾਵਿਤ ਹੋਏ ਹਨ। ਸੰਧੂ ਸਮੁੰਦਰੀ ਭਾਰੀ ਵੋਟਾਂ ਨਾਲ ਜਿੱਤ ਕੇ ਪਾਰਲੀਮੈਂਟ ਵਿੱਚ ਜਾ ਕੇ ਅੰਮ੍ਰਿਤਸਰ ਦੇ ਮਸਲਿਆਂ ਦੇ ਹੱਲ ਲਈ ਆਪਣੀ ਭੂਮਿਕਾ ਨਿਭਾਉਣਗੇ। ਸੰਧੂ ਸਮੁੰਦਰੀ ਅੰਮ੍ਰਿਤਸਰ ਦੇ ਵਿਕਾਸ ਲਈ ਮੋਦੀ ਸਰਕਾਰ ਤੋਂ ਵਿਸ਼ੇਸ਼ ਪੈਕੇਜ ਲੈ ਕੇ ਆਉਣਗੇ। ਉਨ੍ਹਾਂ ਕਿਹਾ ਕਿ ਅੱਜ ਕੇਜਰੀਵਾਲ ਵਾਪਸ ਜੇਲ੍ਹ ਚਲਾ ਗਿਆ ਹੈ ਅਤੇ ਚੋਣ ਨਤੀਜਿਆਂ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਹੋਂਦ ਵੀ ਖ਼ਤਮ ਹੋ ਜਾਵੇਗੀ।